ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/


YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 15 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੨ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੱਦਾਖ ਹਿੰਸਾ ਮਾਮਲੇ ’ਚ ਸੋਨਮ ਵਾਂਗਚੁਕ ਨੂੰ ਵੱਡੀ ਰਾਹਤ, ਕੇਂਦਰ ਸਰਕਾਰ ਨੇ ਹਟਾਇਆ ਐਨ.ਐਸ.ਏ.



**ਨਵੀਂ ਦਿੱਲੀ, 14 ਮਾਰਚ (ਆਵਾਜ਼ਿ ਕੌਮ ਬਿਊਰੋ)**- ਸਰਕਾਰ ਨੇ ਜਲਵਾਯੂ ਕਾਰਕੁਨ ਸੋਨਮ ਵਾਂਗਚੁਕ ਬਾਰੇ ਵੱਡਾ ਫੈਸਲਾ ਲਿਆ ਹੈ। ਗ੍ਰਹਿ ਮੰਤਰਾਲੇ ਨੇ ਉਨ੍ਹਾਂ ਨੂੰ ਰਿਹਾਅ ਕਰਨ ਦਾ ਫੈਸਲਾ ਕੀਤਾ ਹੈ। ਸਰਕਾਰ ਨੇ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਜਲਵਾਯੂ ਕਾਰਕੁਨ ਸੋਨਮ ਵਾਂਗਚੁਕ ਦੀ ਨਜ਼ਰਬੰਦੀ ਤੁਰੰਤ ਪ੍ਰਭਾਵ ਨਾਲ ਰੱਦ ਕਰਨ ਦਾ ਫੈਸਲਾ ਕੀਤਾ ਹੈ। ਇਸ ਤੋਂ ਪਹਿਲਾਂ, ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਿਹਾ ਕਿ ਉਹ ਇਸ ਹਫ਼ਤੇ ਜੇਲ੍ਹ ਵਿੱਚ ਬੰਦ ਜਲਵਾਯੂ ਕਾਰਕੁਨ ਸੋਨਮ ਵਾਂਗਚੁਕ ਦੇ ਭਾਸ਼ਣਾਂ ਦੇ ਵੀਡੀਓ ਦੇਖੇਗੀ ਅਤੇ 17 ਮਾਰਚ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਉਨ੍ਹਾਂ ਦੀ ਨਜ਼ਰਬੰਦੀ ਨੂੰ ਚੁਣੌਤੀ ਦੇਣ ਵਾਲੀ ਉਨ੍ਹਾਂ ਦੀ ਪਤਨੀ ਗੀਤਾਂਜਲੀ ਜੇ ਅੰਗਮੋ ਦੁਆਰਾ ਦਾਇਰ ਅੰਤਿਮ ਪਟੀਸ਼ਨ ’ਤੇ ਸੁਣਵਾਈ ਕਰੇਗੀ। ਮਨੋਰੰਜਨ ਵੀਡੀਓ ਜਸਟਿਸ ਅਰਵਿੰਦ ਕੁਮਾਰ ਅਤੇ ਪੀ.ਬੀ. ਵਰਾਲੇ ਦੇ ਬੈਂਚ ਨੇ ਕਿਹਾ ਸੀ ਕਿ ਜੱਜ ਇਸ ਵੀਰਵਾਰ ਨੂੰ ਵੀਡੀਓ ਦੇਖਣਗੇ ਅਤੇ ਰਜਿਸਟਰਾਰ ਨੂੰ ਸਕ੍ਰੀਨਿੰਗ ਲਈ ਪ੍ਰਬੰਧ ਕਰਨ ਲਈ ਕਿਹਾ ਸੀ। ਉਨ੍ਹਾਂ ਕਿਹਾ ਕਿ ਜੱਜ ਵੀਰਵਾਰ ਨੂੰ ਵੀਡੀਓ ਦੇਖਣਗੇ।

## ਮੋਗਾ ਰੈਲੀ ’ਚ ਅਮਿਤ ਸ਼ਾਹ ਦਾ ‘ਆਪ’ ’ਤੇ ਵੱਡਾ ਹਮਲਾ

# ‘ਪੰਜਾਬ ਸਰਕਾਰ ਭ੍ਰਿਸ਼ਟਾਚਾਰ ਵਿਚ ਡੁੱਬੀ’

**ਮੋਗਾ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਅੱਜ ਮੋਗਾ ਦੇ ਕਿੱਲੀ ਚਹਿਲਾਂ ਵਿਖੇ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਬਿਗਲ ਵਜਾਉਂਦਿਆਂ ਚੋਣ ਪ੍ਰਚਾਰ ਦਾ ਐਲਾਨ ਕੀਤਾ ਗਿਆ। ਇਸ ਦੌਰਾਨ ਗ੍ਰਹਿ ਮੰਤਰੀ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਵੱਡੇ ਹਮਲੇ ਬੋਲੇ। ਉਨ੍ਹਾਂ ਕਿਹਾ ਕਿ ਪੰਜਾਬ ’ਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ। ਮੁੱਖ ਮੰਤਰੀ ਸਿਰਫ਼ ਕੇਜਰੀਵਾਲ ਦੇ ‘ਪਾਇਲਟ’ ਵਜੋਂ ਕੰਮ ਕਰ ਰਹੇ ਹਨ। ਅਮਿਤ ਸ਼ਾਹ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਪੰਜਾਬ ਵਿਚ ਸਰਕਾਰ ਨਾਮ ਦੀ ਕੋਈ ਚੀਜ਼ ਨਜ਼ਰ ਨਹੀਂ ਆ ਰਹੀ। ਉਨ੍ਹਾਂ ਕਿਹਾ ਕਿ ਜਦੋਂ ਵੀ ਅਰਵਿੰਦ ਕੇਜਰੀਵਾਲ ਦੇਸ਼ ਦੇ ਕਿਸੇ ਵੀ ਹਿੱਸੇ ਵਿਚ ਜਾਂਦੇ ਹਨ ਤਾਂ ਪੰਜਾਬ ਦੇ ਮੁੱਖ ਮੰਤਰੀ ਸਿਰਫ਼ ਇਕ ‘ਪਾਇਲਟ’ ਬਣ ਕੇ ਉਨ੍ਹਾਂ ਦੇ ਨਾਲ ਚਲੇ ਜਾਂਦੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਦਿੱਲੀ ਤੋਂ ਆਏ ਕੁਝ ਲੋਕ ਪੰਜਾਬ ਦੇ ਖਜ਼ਾਨੇ ਨੂੰ ਲੁੱਟ ਰਹੇ ਹਨ ਅਤੇ ਆਮ ਆਦਮੀ ਪਾਰਟੀ ਸਿਰਫ ਕੇਜਰੀਵਾਲ ਦਾ “ਏ.ਟੀ.ਐੱਮ.” ਬਣ ਕੇ ਰਹਿ ਗਈ ਹੈ। ਸ਼ਾਹ ਨੇ ਸਰਕਾਰ ’ਤੇ ਵਾਅਦਾ ਖਿਲਾਫੀ ਦੇ ਦੋਸ਼ ਲਾਉਂਦਿਆਂ ਪੁੱਛਿਆ ਕਿ 25 ਲੱਖ ਨੌਕਰੀਆਂ ਦੇ ਵਾਅਦੇ ਅਤੇ ਚਾਰ ਮਹੀਨਿਆਂ ਵਿਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਦਾਅਵੇ ਦਾ ਕੀ ਬਣਿਆ ? ਉਨ੍ਹਾਂ ਨੇ ਸੂਬਾ ਸਰਕਾਰ ’ਤੇ ਭ੍ਰਿਸ਼ਟਾਚਾਰ ਵਿਚ ਡੁੱਬੇ ਹੋਣ ਦਾ ਇਲਜ਼ਾਮ ਲਾਇਆ ਅਤੇ ਜਲੰਧਰ ਸਮਾਰਟ ਸਿਟੀ ਯੋਜਨਾ, ਬਰਨਾਲਾ ਟਰੱਕ ਯੂਨੀਅਨ ਘੁਟਾਲਾ, ਖਡੂਰ ਸਾਹਿਬ, ਆਂਗਣਵਾੜੀ ਘੁਟਾਲਾ ਅਤੇ 100 ਕਰੋੜ ਦੀ ਉਗਰਾਹੀ ਵਰਗੇ ਮਾਮਲਿਆਂ ਦਾ ਜ਼ਿਕਰ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਆਪਣਾ ਚਿਹਰਾ ਚਮਕਾਉਣ ਲਈ 800 ਕਰੋੜ ਰੁਪਏ ਇਸ਼ਤਿਹਾਰਾਂ ’ਤੇ ਖਰਚ ਕਰ ਰਹੀ ਹੈ। ਸੂਬੇ ਦੀ ਕਾਨੂੰਨ ਵਿਵਸਥਾ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਗੰਭੀਰ ਸਥਿਤੀ ਵਿਚੋਂ ਗੁਜ਼ਰ ਰਿਹਾ ਹੈ। ਉਨ੍ਹਾਂ 2026 ਦੀ ਸ਼ੁਰੂਆਤ ਵਿਚ ਹੋਏ ਤਿੰਨ ਸਰਪੰਚਾਂ ਦੇ ਕਤਲ ਅਤੇ ਥਾਣੇ ਦੇ ਅੰਦਰ ਪੁਲਸ ਮੁਲਾਜ਼ਮਾਂ ਦੇ ਕਤਲ ਦੀਆਂ ਘਟਨਾਵਾਂ ਨੂੰ ਹਵਾਲੇ ਵਜੋਂ ਪੇਸ਼ ਕੀਤਾ। ਅਮਿਤ ਸ਼ਾਹ ਨੇ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਵਾਂਗ ਮੌਜੂਦਾ ਸਰਕਾਰ ਵੀ ਨਸ਼ੇ ਦੇ ਕਾਰੋਬਾਰ ਨੂੰ ਰੋਕਣ ਵਿਚ ਨਾਕਾਮ ਰਹੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਭਾਜਪਾ ਨੂੰ ਆਸ਼ੀਰਵਾਦ ਦਿੰਦੇ ਹਨ ਤਾਂ ਦੋ ਸਾਲਾਂ ਦੇ ਅੰਦਰ ਨਸ਼ੇ ਦੇ ਕਾਰੋਬਾਰ ਨੂੰ ਜੜ੍ਹੋਂ ਪੁੱਟ ਦਿੱਤਾ ਜਾਵੇਗਾ।



## ਅਕਾਲੀ-ਭਾਜਪਾ ਗਠਜੋੜ ਨੂੰ ਲੈ ਕੇ ਅਮਿਤ ਸ਼ਾਹ ਨੇ ਸਥਿਤੀ ਕੀਤੀ ਸਾਫ

ਵਿਧਾਨ ਸਭਾ ਚੋਣਾਂ ਨੂੰ ਲੈ ਕੇ ਅਕਾਲੀ-ਭਾਜਪਾ ਗਠਜੋੜ ਨੂੰ ਲੈ ਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਥਿਤੀ ਪੂਰੀ ਤਰ੍ਹਾਂ ਸਾਫ ਕਰ ਦਿੱਤੀ ਹੈ। ਮੋਗਾ ਦੇ ਕਿੱਲੀ ਚਹਿਲਾਂ ਵਿਖੇ ਭਾਜਪਾ ਦੀ ਵੱਡੀ ਰੈਲੀ ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਐਲਾਨ ਕੀਤਾ ਕਿ ਅੱਜ ਉਹ 2027 ਵਿਚ ਹੋਣ ਵਾਲੀਆਂ ਚੋਣਾਂ ਲਈ ਭਾਜਪਾ ਦੇ ਪ੍ਰਚਾਰ ਦੀ ਸ਼ੁਰੂਆਤ ਕਰਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਜਦੋਂ ਵੀ ਪੰਜਾਬ ਦੀ ਸੱਤਾ ’ਚ ਆਏ ਤਾਂ ਛੋਟੇ ਭਰਾ ਦੇ ਰੂਪ ਵਿਚ ਆਏ ਪਰ ਹੁਣ ਉਹ ਛੋਟੇ ਨਹੀਂ ਸਗੋਂ ਮੁੱਖ ਰੂਪ ਨਾਲ ਪੰਜਾਬ ਦੀ ਸੱਤਾ ਵਿਚ ਆਉਣਗੇ। 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰਤੀ ਜਨਤਾ ਪਾਰਟੀ ਆਪਣੀ ਸਰਕਾਰ ਬਣਾਉਣ ਲਈ ਚੋਣਾਂ ਲੜਨ ਜਾ ਰਹੀ ਹੈ, ਅਸੀਂ ਪੂਰੇ ਪੰਜਾਬ ਦੀ ਜਨਤਾ ਤੋਂ ਅਸ਼ੀਰਵਾਦ ਲੈਣ ਆਏ ਹਾਂ। ਤੁਸੀਂ ਸਾਡੀ ਤਾਕਤ ਵਧਾਓ।

ਸ਼ਾਹ ਨੇ ਕਿਹਾ ਕਿ ਪੰਜਾਬ ਨੂੰ ਜੇ ਕੋਈ ਨਸ਼ੇ ਤੋਂ ਮੁਕਤ ਕਰ ਸਕਦਾ ਹੈ ਤਾਂ ਸਿਰਫ ਭਾਜਪਾ ਅਤੇ ਮੋਦੀ ਸਰਕਾਰ ਹੀ ਅਜਿਹਾ ਕਰ ਸਕਦੀ ਹੈ। ਇਹ ਪਹਿਲੀ ਵਾਰ ਹੈ ਜਦੋਂ ਅਮਿਤ ਸ਼ਾਹ ਕਿਸੇ ਸਟੇਜ ਤੋਂ ਇਸ ਤਰ੍ਹਾਂ ਖੁੱਲ੍ਹ ਕੇ ਬੋਲੇ ਹਨ। ਸ਼ਾਹ ਨੇ ਇਥੋਂ ਤੱਕ ਆਖ ਦਿੱਤਾ ਕਿ ਕਾਂਗਰਸ ਅਤੇ ਅਕਾਲੀ ਦਲ ਤਾਂ ਪਹਿਲਾਂ ਹੀ ਸੀ, ਪੰਜਾਬ ਨੇ ਇਨ੍ਹਾਂ ਨੂੰ ਕਈ ਮੌਕੇ ਦਿੱਤੇ ਇਹ ਵੀ ਨਸ਼ੇ ਦਾ ਕਾਰੋਬਾਰ ਨਹੀਂ ਰੋਕ ਸਕੇ, ਸਿਰਫ ਭਾਜਪਾ ਹੀ ਨਸ਼ਿਆਂ ’ਤੇ ਰੋਕ ਲਗਾ ਸਕਦੀ ਹੈ। ਸਾਨੂੰ ਆਸ਼ਿਰਵਾਦ ਦਿਓ ਅਸੀਂ ਦੋ ਸਾਲਾਂ ਵਿਚ ਮੂਲ ਸਮੇਤ ਨਸ਼ੇ ਦੇ ਕਾਰੋਬਾਰ ਨੂੰ ਪੁੱਟ ਸੁੱਟਾਂਗੇ। ਇਕ ਮੌਕਾ ਭਾਜਪਾ ਨੂੰ ਦੇ ਕੇ ਦੇਖੋ। ਜੋ ਅੱਜ ਤਕ ਪੰਜਾਬ ਅੰਦਰ ਨਹੀਂ ਹੋਇਆ ਉਹ ਅਸੀਂ ਕਰਕੇ ਵਿਖਾਂਗੇ। ਉਨ੍ਹਾਂ ਕਿਹਾ ਕਿ 2024 ਵਿਚ ਭਾਜਪਾ ਨੂੰ ਪੰਜਾਬ ਵਿਚ 19 ਫੀਸਦੀ ਵੋਟ ਮਿਲੇ, ਜਿੱਥੇ ਵੀ ਭਾਜਪਾ ਨੂੰ 19 ਫੀਸਦੀ ਵੋਟ ਮਿਲਦਾ ਹੈ, ਉਥੇ ਅਗਲੀ ਸਰਕਾਰ ਭਾਜਪਾ ਦੀ ਹੀ ਬਣਦੀ ਹੈ । ਅਸਾਮ, ਮਣੀਪੁਰ, ਉਤਰਾਖੰਡ ਵਿਚ ਵੀ ਇਸੇ ਤਰ੍ਹਾਂ ਹੋਇਆ ਸੀ, ਹੁਣ ਪੰਜਾਬ ਦੀ ਵਾਰੀ ਹੈ।

## ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਐਸ.ਸੀ ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ



**ਚੰਡੀਗੜ੍ਹ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਐਸ.ਸੀ ਵਿੰਗ ਦੇ ਪ੍ਰਧਾਨ ਅਤੇ ਸਾਬਕਾ ਮੰਤਰੀ ਜਥੇਦਾਰ ਗੁਲਜਾਰ ਸਿੰਘ ਰਾਣੀਕੇ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਦਲ ਦੇ ਐਸ.ਸੀ ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ ਕਰ ਦਿੱਤਾ। ਅੱਜ ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਦੇ ਸਾਰੇ ਮਿਹਨਤੀ ਅਤੇ ਅਗਾਂਹਵਧੂ ਆਗੂਆਂ ਦੀ ਕਾਰਗੁਜਾਰੀ ਅਤੇ ਸੇਵਾ ਦੇ ਮੱਦੇਨਜਰ ਵੱਖ-ਵੱਖ ਜਿੰਮੇਵਾਰੀਆਂ ਦਿੱਤੀਆਂ ਗਈਆਂ ਹਨ। ਅੱਜ ਜਾਰੀ ਸੁਚੀ ਵਿੱਚ 12 ਸੀਨੀਅਰ ਮੀਤ ਪ੍ਰਧਾਨ, 18 ਜਨਰਲ ਸਕੱਤਰ, 20 ਮੀਤ ਪ੍ਰਧਾਨ ਅਤੇ 21 ਸੰਯੁਕਤ ਸਕੱਤਰ ਬਣਾਏ ਗਏ ਹਨ। ਐਡਵੋਕੇਟ ਰਵਿੰਦਰ ਸਿੰਘ ਸੈਂਪਲਾ ਨੂੰ ਐਸ.ਸੀ ਵਿੰਗ ਦਾ ਦਫਤਰ ਸਕੱਤਰ ਅਤੇ ਮੁੱਖ ਬੁਲਾਰਾ ਨਿਯੁਕਤ ਕੀਤਾ ਗਿਆ ਹੈ। ਉਪਰੋਕਤ ਤੋਂ ਇਲਾਵਾ ਜਥੇਬੰਦੀ ਨੂੰ ਮਜਬੂਤ ਕਰਨ ਲਈ ਪੂਰੇ ਪੰਜਾਬ ਨੂੰ ਪੰਜ ਜੋਨਾ ਵਿੱਚ ਵੰਡ ਕੇ ਹਰ ਜੋਨ ਦੀ ਜਿੰਮੇਵਾਰੀ ਇੱਕ ਜ਼ੋਨ ਪ੍ਰਧਾਨ ਨੂੰ ਸੌਂਪੀ ਗਈ ਹੈ। ਪੰਜਾਬ ਦੇ ਸਾਰੇ ਜ਼ਿਲਿਆਂ ਵਿੱਚ ਵਿੰਗ ਦੇ ਜਿਲਾ ਪ੍ਰਧਾਨ ਨਿਯੁਕਤ ਕੀਤੇ ਗਏ ਹਨ ਅਤੇ ਪਾਰਟੀ ਦਾ ਪ੍ਰਚਾਰ ਕਰਨ ਲਈ 9 ਪ੍ਰਚਾਰ ਸਕੱਤਰ ਬਣਾਏ ਗਏ ਹਨ। ਪੰਜਾਬ ਅਪਡੇਟਸ

ਜਥੇਬੰਦੀ ਦਾ ਵਿਸਥਾਰ ਹੇਠ ਲਿਖੇ ਅਨੁਸਾਰ ਹੈ :-

ਜਿਹਨਾਂ ਆਗੂਆਂ ਨੂੰ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਸੰਤ ਬਲਵੀਰ ਸਿੰਘ ਘੁੰਨਸ, ਸੋਹਣ ਸਿੰਘ ਠੰਡਲ, ਜੋਗਿੰਦਰ ਸਿੰਘ ਜਿੰਦੂ, ਦੇਸ ਰਾਜ ਸਿੰਘ ਧੁੱਗਾ, ਬਿਕਰਮਜੀਤ ਸਿੰਘ ਖਾਲਸਾ, ਦਰਬਾਰਾ ਸਿੰਘ ਗੁਰੂ, ਸ਼੍ਰੀ ਐਸ.ਆਰ ਕਲੇਰ, ਸੂਬਾ ਸਿੰਘ ਬਾਦਲ, ਬਲਦੇਵ ਸਿੰਘ ਖਹਿਰਾ, ਹਰਪ੍ਰੀਤ ਸਿੰਘ ਮਲੋਟ, ਰਾਮ ਸਿੰਘ ਸ਼੍ਰੀ ਅਨੰਦਪੁਰ ਸਾਹਿਬ ਅਤੇ ਰਜਿੰਦਰ ਸਿੰਘ ਘੱਗਾ ਮਲੋਟ ਦੇ ਨਾਮ ਸ਼ਾਮਲ ਹਨ।

ਜਿਹਨਾਂ ਆਗੂਆਂ ਨੂੰ ਐਸ.ਸੀ ਵਿੰਗ ਦਾ ਜਨਰਲ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿੱਚ ਹਰਮੋਹਨ ਸਿੰਘ ਸੰਧੂ, ਬਲਵਿੰਦਰ ਸਿੰਘ ਸੰਧੂ, ਸੰਦੀਪ ਸਿੰਘ ਏ.ਆਰ, ਗੁਰਚਰਨ ਸਿੰਘ ਸਿੱਧੂ ਬਠਿੰਡਾ, ਮਾਨ ਸਿੰਘ ਗੁਰੂ ਭੁੱਚੋ ਮੰਡੀ, ਐਡਵੋਕੇਟ ਸਤਨਾਮ ਸਿੰਘ ਰਾਹੀ ਭਦੌੜ, ਰਾਜਨਬੀਰ ਸਿੰਘ ਸ਼੍ਰੀ ਹਰਗੋਬਿੰਦਪੁਰ, ਪ੍ਰੇਮ ਸਿੰਘ ਹਰਨਾਮਪੁਰਾ, ਮੱਖਣ ਸਿੰਘ ਲਾਲਕਾ ਨਾਭਾ, ਸ਼੍ਰੀ ਕਮਲ ਕੁਮਾਰ ਬੰਗਾਲੀ ਅੰਮ੍ਰਿਤਸਰ, ਹਰਚੰਦ ਸਿੰਘ ਬਡੂੰਦੀ, ਗੁਰਪਾਲ ਸਿੰਘ ਖੇੜੀ ਰੋਪੜ, ਤੇਜਾ ਸਿੰਘ ਖਾਲਸਾ ਲੁਧਿਆਣਾ, ਹਰਿੰਦਰ ਸਿੰਘ ਵਿਰਕ ਲੁਧਿਆਣਾ, ਅਮਨਬੀਰ ਸਿੰਘ ਸਿਆਲੀ ਅੰਮ੍ਰਿਤਸਰ, ਸਵਰਨ ਸਿੰਘ ਹਰੀਪੁਰਾ, ਹਜੂਰਾ ਸਿੰਘ ਬਲਾਚੌਰ ਅਤੇ ਨਛੱਤਰ ਸਿੰਘ ਸੁਮਨ ਬੰਗਾ ਦੇ ਨਾਮ ਸ਼ਾਮਲ ਹਨ।

ਜਿਹਨਾਂ ਨੂੰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਬਲਜੀਤ ਸਿੰਘ ਜਲਾਲਉਸਮਾਂ, ਗੁਰਿੰਦਰਪਾਲ ਸਿੰਘ ਰਣੀਕੇ, ਗੁਲਜਾਰ ਸਿੰਘ ਦਿੜਬਾ, ਕਬੀਰ ਦਾਸ ਨਾਭਾ, ਡਾ. ਨਿਸ਼ਾਨ ਸਿੰਘ ਬੁਢਲਾਡਾ, ਐਡਵੋਕੇਟ ਪਰਮਜੀਤ ਸਿੰਘ ਕਪੂਰਥਲਾ, ਕੇਵਲ ਸਿੰਘ ਬਾਦਲ, ਬਲਜਿੰਦਰ ਸਿੰਘ ਠੇਕੇਦਾਰ ਫਗਵਾੜਾ, ਪ੍ਰਗਟ ਸਿੰਘ ਬਨਵਾਲੀਪੁਰ, ਬੀਬੀ ਸਤਵੀਰ ਕੌਰ ਮਨਹੇੜਾ ਖਰੜ, ਸ਼੍ਰੀ ਗਿਆਨ ਚੰਦ ਭੱਟੀ ਕੋਹਾਲਾ, ਸ਼ੇਰ ਸਿੰਘ ਬਾਲੇਵਾਲ ਸੰਗਰੂਰ, ਬਲਬੀਰ ਚੰਦ ਕੋਲਧਾਰ, ਗੁਰਤੇਜ ਸਿੰਘ ਘੁੜਿਆਣਾ, ਭਜਨ ਸਿੰਘ ਮਾਹਲ ਅੰਮ੍ਰਿਤਸਰ, ਸ਼੍ਰੀ ਹੁਸਨ ਚੰਦ ਮਠਾਣ ਰੋਪੜ, ਸਮੁੰਦਰ ਸਿੰਘ ਖਰੜ, ਸ੍ਰੀ ਆਰ.ਪੀ. ਸਿੰਘ ਸ਼ੈਲੀ ਰੋਪੜ, ਅਮਰਜੀਤ ਸਿੰਘ ਮੱਕੋਵਾਲ ਸਾਬਕਾ ਚੇਅਰਮੈਨ ਜਿਲਾ ਪ੍ਰੀਸ਼ਦ ਅਤੇ ਪ੍ਰੀਤਮ ਸਿੰਘ ਬੁਰਜਹਸਨ ਦੇ ਨਾਮ ਸ਼ਾਮਲ ਹਨ।

ਰਣਬੀਰ ਸਿੰਘ ਬਲਾਚੌਰ ਨੂੰ ਐਸ.ਸੀ ਵਿੰਗ ਦਾ ਜੂਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ। ਤਰਸੇਮ ਸਿੰਘ ਲਾਲਬਾਈ ਸ਼੍ਰੀ ਮੁਕਤਸਰ ਸਾਹਿਬ ਨੂੰ ਐਸ.ਸੀ ਵਿੰਗ ਦਾ ਜਥੇਬੰਦਕ ਸਕੱਤਰ ਬਣਾਇਆ ਗਿਆ ਹੈ।

ਜਿਹਨਾਂ ਆਗੂਆਂ ਨੂੰ ਐਸ. ਸੀ ਵਿੰਗ ਦਾ ਸੰਯੁਕਤ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿੱਚ ਮੇਜਰ ਸਿੰਘ ਆਧਨੀਆਂ, ਸ਼੍ਰੀ ਕਮਲਜੀਤ ਚਾਵਲਾ ਦੀਨਾਨਗਰ, ਮਨਜੀਤ ਸਿੰਘ ਮਦਨੀਪੁਰ ਪਾਇਲ, ਸ਼੍ਰੀ ਰਵੀ ਮੋਹਨ ਭੋਆ, ਨਾਥ ਸਿੰਘ ਹਮੀਦੀ ਮਹਿਲਕਲਾਂ, ਮੇਲਾ ਸਿੰਘ ਮਪੀਆਣਾ, ਪਰਮਜੀਤ ਸਿੰਘ ਫਰਮਾਹੀ, ਰਘਬੀਰ ਸਿੰਘ ਦਰਦੀ, ਭੂਰਾ ਸਿੰਘ ਭਾਈਦੇਸਾ, ਰੰਗੀ ਸਿੰਘ ਖਾਰਾ, ਬਖਸ਼ੀਸ ਸਿੰਘ ਡਿਆਲ ਰਾਜਪੂਤਾਂ, ਕੇਵਲ ਸਿੰਘ ਸੋਹਤਾ, ਸਤਨਾਮ ਸਿੰਘ ਜੰਡ ਮੰਗੋਲੀ, ਮੋਹਨ ਸਿੰਘ ਚਮਿਆਰਾ, ਚਰਨਜੀਤ ਸਿੰਘ ਸਹੋਤਾ, ਬਾਬਾ ਅਜੀਤ ਸਿੰਘ ਛੰਨਾਂ, ਅੰਗਰੇਜ ਸਿੰਘ ਤਪਾਖੇੜਾ, ਪਰਮਜੀਤ ਸਿੰਘ ਵਡਾਲੀ, ਜਸਪ੍ਰੀਤ ਸਿੰਘ ਨੌਸਹਿਰਾ ਖੁਰਦ, ਅਵਤਾਰ ਸਿੰਘ ਲਹਿਰਾ ਅਤੇ ਸ਼੍ਰੀ ਮਨਪ੍ਰੀਤ ਚੋਪੜਾ ਜਲੰਧਰ ਦੇ ਨਾਮ ਸ਼ਾਮਲ ਹਨ।

ਜਿਹੜੇ ਆਗੂ ਪ੍ਰਚਾਰ ਨਿਯੁਕਤ ਕੀਤੇ ਗਏ ਹਨ ਉਹਨਾਂ ਵਿੱਚ ਸ਼੍ਰੀ ਹੈਪੀ ਭੀਲ ਅੰਮ੍ਰਿਤਸਰ, ਗੁਰਨਾਮ ਸਿੰਘ ਬਿਲਗਾ, ਨਛੱਤਰ ਸਿੰਘ ਤੋਲਾਵਾਲਾ, ਮੋਤੀ ਸਿੰਘ ਘਰਾਟ, ਮਨਜੀਤ ਸਿੰਘ ਮਹਿਤੋਂ, ਸੁਖਚੈਨ ਸਿੰਘ ਤਪਾਖੇੜਾ, ਜੀਤ ਸਿੰਘ ਭਾਟੀਆ ਬੰਗਾ, ਡਾ. ਲਾਲ ਚੰਦ ਨਵਾਂਸ਼ਹਿਰ ਅਤੇ ਬਿਕਰਮਜੀਤ ਸਿੰਘ ਖਾਲਸਾ ਲੁਧਿਆਣਾ ਦੇ ਨਾਮ ਸ਼ਾਮਲ ਹਨ।

ਜਿਹਨਾਂ ਆਗੂਆਂ ਨੂੰ ਵੱਖ-ਵੱਖ ਜੋਨ ਵਾਈਜ਼ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਕੁਲਦੀਪ ਸਿੰਘ ਬੁਲੇਪੁਰ ਨੂੰ ਪ੍ਰਧਾਨ ਦੋਆਬਾ ਜੋਨ, ਰਾਜਵਿੰਦਰ ਸਿੰਘ ਧਰਮਕੋਟ ਪ੍ਰਧਾਨ ਮਾਲਵਾ ਜੋਨ -1 ਜਿਸ ਵਿੱਚ ਜਿਲਾ ਲੁਧਿਆਣਾ, ਸੰਗਰੂਰ, ਬਰਨਾਲਾ ਅਤੇ ਮੋਗਾ ਸ਼ਾਮਲ ਹਨ। ਇਸੇ ਤਰਾਂ ਸਵਰਨ ਹੀਰੇਵਾਲਾ ਨੂੰ ਪ੍ਰਧਾਨ ਮਾਲਵਾ ਜੋਨ-2 ਜਿਸ ਵਿੱਚ ਜਿਲਾ ਬਠਿੰਡਾ, ਮਾਨਸਾ, ਸ੍ਰੀ ਮੁਕਤਸਰ ਸਾਹਿਬ, ਫਿਰੋਜਪੁਰ, ਫਾਜਲਿਕਾ ਅਤੇ ਜਿਲਾ ਫਰੀਦਕੋਟ ਸ਼ਾਮਲ ਹੋਣਗੇ। ਸ਼ਮਸ਼ੇਰ ਸਿੰਘ ਪੁਰਖਾਲਵੀ ਨੂੰ ਪ੍ਰਧਾਨ ਮਾਲਵਾ ਜੋਨ-3 ਜਿਸ ਵਿੱਚ ਜਿਲਾ ਪਟਿਆਲਾ, ਮੋਹਾਲੀ, ਫਹਿਤਗੜ੍ਹ ਸਾਹਿਬ ਅਤੇ ਰੋਪੜ ਜਿਲੇ ਸ਼ਾਮਲ ਹਨ। ਇਸੇ ਤਰਾਂ ਕੁਲਦੀਪ ਸਿੰਘ ਲਾਲੀ ਬੋਪਰਾਏ ਬਾਜ ਸਿੰਘ ਨੂੰ ਮਾਝਾ ਜੋਨ ਦਾ ਐਸ.ਸੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

ਜਿਹਨਾਂ ਆਗੂਆਂ ਨੂੰ ਜਿਲ੍ਹਾਵਾਰ ਜਿਲਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਉਹਨਾਂ ਵਿੱਚ ਮਨਜੀਤ ਸਿੰਘ ਨੰਗਲ ਦਿਆਲ ਸਿੰਘ ਪ੍ਰਧਾਨ ਅੰਮ੍ਰਿਤਸਰ (ਦਿਹਾਤੀ), ਦਿਲਬਾਗ ਸਿੰਘ ਅੰਨਗੜ੍ਹ

(ਬਾਕੀ ਸਫਾ 7 ’ਤੇ)

## ਮੋਗਾ ਸਰਪੰਚ ਕਤਲ ਮਾਮਲੇ ’ਚ ਮੁਲਜ਼ਮ ਲੱਦਾਖ ਤੋਂ ਗ੍ਰਿਫ਼ਤਾਰ: ਪੈਟਰੋਲ ਪੰਪ ਸਾਹਮਣੇ ਵਾਰਦਾਤ ਨੂੰ ਦਿੱਤਾ ਸੀ ਅੰਜ਼ਾਮ...



**ਮੋਗਾ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੋਗਾ ਜ਼ਿਲ੍ਹੇ ਵਿੱਚ ਬਾਘਾਪੁਰਾਣਾ ਖੇਤਰ ਦੇ ਪਿੰਡ ਪੱਤੋ ਹੀਰਾ ਦੇ ਸਰਪੰਚ ਹਰਵਿੰਦਰ ਸਿੰਘ ਹੈਪੀ ਦੇ ਕਤਲ ਮਾਮਲੇ ਦੇ ਮੁੱਖ ਮੁਲਜ਼ਮ ਮਨਪ੍ਰੀਤ ਸਿੰਘ ਉਰਫ਼ ਬਬਲੂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮ ਨੂੰ ਕਸ਼ਮੀਰ ਦੇ ਲੱਦਾਖ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਜਿਸਨੂੰ ਹੁਣ ਮੋਗਾ ਲਿਆਂਦਾ ਜਾਵੇਗਾ ਅਤੇ ਸੀਆਈਏ ਟੀਮ ਵੱਲੋਂ ਪੁੱਛਗਿੱਛ ਕੀਤੀ ਜਾਵੇਗੀ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਵਿੱਚ ਸ਼ਾਮਲ ਹੋਰ ਫਰਾਰ ਸ਼ੱਕੀਆਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਿਸ ਨੂੰ ਉਮੀਦ ਹੈ ਕਿ ਬਾਕੀ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਪੱਤੋ ਹੀਰਾ ਸਿੰਘ ਪਿੰਡ ਵਿੱਚ ਸਰਪੰਚ ਹਰਵਿੰਦਰ ਸਿੰਘ ਉਰਫ਼ ਹੈਪੀ ਦੇ ਕਤਲ ਦੇ ਸਬੰਧ ਵਿੱਚ ਬਾਘਾਪੁਰਾਣਾ ਪੁਲਿਸ ਨੇ 11 ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ ਸੀ। ਇਹ ਮਾਮਲਾ ਪੱਤੋ ਹੀਰਾ ਸਿੰਘ ਦੇ ਵਸਨੀਕ ਜਸਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ ’ਤੇ ਦਰਜ ਕੀਤਾ ਗਿਆ ਸੀ। ਪੁਲਿਸ ਨੇ ਜੈਮਲਵਾਲਾ ਪਿੰਡ ਦੇ ਮਨਪ੍ਰੀਤ ਸਿੰਘ ਉਰਫ਼ ਬਬਲੂ, ਜੋਬਨਪ੍ਰੀਤ ਸਿੰਘ, ਜਸਵੰਤ ਸਿੰਘ ਅਤੇ ਪੱਤੋ ਹੀਰਾ ਸਿੰਘ ਪਿੰਡ ਦੇ ਜਸਕਰਨ ਸਿੰਘ ਉਰਫ਼ ਜੱਸੂ ਸ਼ਰਮਾ ਦੇ ਨਾਲ ਛੇ ਤੋਂ ਸੱਤ ਅਣਪਛਾਤੇ ਵਿਅਕਤੀਆਂ ਵਿਰੁੱਧ ਕਤਲ ਅਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਸ ਮਾਮਲੇ ਵਿੱਚ ਮੋਗਾ ਦੇ ਐਸ. ਐਸ. ਪੀ. ਅਜੇ ਗਾਂਧੀ ਨੇ ਦੱਸਿਆ ਕਿ ਸਰਪੰਚ ਹਰਵਿੰਦਰ ਸਿੰਘ ਉਰਫ਼ ਹੈਪੀ ਨੂੰ ਕੋਟਕਪੂਰਾ ਰੋਡ ’ਤੇ ਇੱਕ ਪੈਟਰੋਲ ਪੰਪ ਦੇ ਸਾਹਮਣੇ ਉਸ ਸਮੇਂ ਗੋਲੀ ਮਾਰ ਦਿੱਤੀ ਗਈ ਜਦੋਂ ਉਹ ਆਪਣੀ ਕਾਰ ਤੋਂ ਉਤਰ ਰਹੇ ਸਨ। ਉਨ੍ਹਾਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਵੱਖ-ਵੱਖ ਪੁਲਿਸ ਟੀਮਾਂ ਬਣਾਈਆਂ ਗਈਆਂ ਹਨ। ਹਮਲਾਵਰਾਂ ਨੂੰ ਫੜਨ ਲਈ ਪੁਲਿਸ ਟੀਮਾਂ ਸ਼ੱਕੀ ਟਿਕਾਣਿਆਂ ’ਤੇ ਛਾਪੇਮਾਰੀ ਕਰ ਰਹੀਆਂ ਹਨ ਅਤੇ ਕਈ ਲੋਕਾਂ ਤੋਂ ਪੁੱਛਗਿੱਛ ਕਰ ਰਹੀਆਂ ਹਨ। ਮੋਗਾ ਦੇ ਐਸਐਸਪੀ ਅਜੇ ਗਾਂਧੀ ਨੇ ਭਰੋਸਾ ਦਿੱਤਾ ਕਿ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ ਅਤੇ ਹੈਪੀ ਸਰਪੰਚ ਦੇ ਹੋਰ ਫਰਾਰ ਕਾਤਲਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਮਾਮਲੇ ਦੀ ਅਗਲੇਰੀ ਜਾਂਚ ਬਾਘਾ ਪੁਰਾਣਾ ਥਾਣੇ ਦੇ ਇੰਚਾਰਜ ਇੰਸਪੈਕਟਰ ਜਤਿੰਦਰ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ। ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਕਾਂਝਲਾ ਵੱਲੋਂ ਮੁੱਖ ਮੰਤਰੀ ਦੀ ਆਮਦ ਤੇ ਵੱਖ-ਵੱਖ ਪਿੰਡਾਂ ਦੇ ਵਿੱਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਹਲਕਾ ਧੂਰੀ ਦੇ ਲਈ ਪਹਿਲਾਂ ਤੋਂ ਹੀ ਦਿਲ ਖੋਲ ਕੇ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ, ਇਸੇ ਹੀ ਤਹਿਤ ਉਹ 17 ਮਾਰਚ ਨੂੰ ਧੂਰੀ ਇੱਕ ਵੱਡੀ ਰੈਲੀ ਨੂੰ ਸੰਬੋਧਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਜਿਸ ਦੇ ਲਈ ਜਿਲਾ ਪਰਿਸ਼ਦ ਮੈਬਰ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਵੱਲੋਂ ਵੱਖ ਵੱਖ ਪਿੰਡਾਂ ਦੇ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਦੀਆਂ ਉਮੀਦਾਂ ਤੇ ਖਰੇ ਉਤਰ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਸਰਕਾਰ ਬਣਨ ਤੋਂ ਪਹਿਲਾਂ ਜੋ ਗਰਾਂਟੀਆਂ ਦਿੱਤੀਆਂ ਹਨ, ਉਹਨਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ ਜਿਸ ਦੇ ਲਈ ਪੰਜਾਬ ਦੇ ਵਿੱਚ ਦੁਬਾਰਾ ਸਰਕਾਰ ਬਣਾਉਣ ਦਾ ਮੁੱਢ ਬੰਨ ਰਹੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV

ਪਤੀਲੋ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

## ਅਕਾਲ ਯੂਨੀਵਰਸਿਟੀ ਵਿੱਚ ਯੂਪੀਐਸਸੀ ਦੀ ਤਿਆਰੀ ਲਈ

# ਆਈਏਐਸ ਅਧਿਕਾਰੀ ਹਰਸ਼ਿਤਾ ਸ਼ਰਮਾ ਦਾ ਮਾਰਗਦਰਸ਼ਨ ਸੈਸ਼ਨ ਆਯੋਜਿਤ

### ਯੂਨੀਵਰਸਿਟੀ ਵੱਲੋਂ ਇਸ ਤਰ੍ਹਾਂ ਦੇ ਮਾਰਗਦਰਸ਼ਨ ਪ੍ਰੋਗਰਾਮਾਂ ਰਾਹੀਂ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਤਿਆਰ ਕਰਨ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਹੈ

ਤਲਵੰਡੀ ਸਾਬੋ, 14 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਸੈਂਟਰ ਫਾਰ ਕੰਪਟੀਟਿਵ ਐਗਜ਼ਾਮੀਨੇਸ਼ਨ ਵੱਲੋਂ ਯੂਪੀਐਸਸੀ ਸਿਵਲ ਸਰਵਿਸ ਪ੍ਰੀਖਿਆ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਇੱਕ ਜਾਣਕਾਰੀਪੂਰਨ ਅਤੇ ਪ੍ਰੇਰਣਾਦਾਇਕ ਮਾਰਗਦਰਸ਼ਨ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦੀ ਅਗਵਾਈ ਆਈਏਐਸ ਅਧਿਕਾਰੀ ਹਰਸ਼ਿਤਾ ਸ਼ਰਮਾ ਨੇ ਕੀਤੀ। ਸੈਸ਼ਨ ਦੌਰਾਨ ਵਿਦਿਆਰਥੀਆਂ ਨੂੰ ਯੂਪੀਐਸਸੀ ਸਿਵਲ ਸਰਵਿਸ ਪ੍ਰੀਖਿਆ ਦੀ ਤਿਆਰੀ ਸੰਬੰਧੀ ਮਹੱਤਵਪੂਰਨ ਜਾਣਕਾਰੀਆਂ ਅਤੇ ਪ੍ਰਯੋਗਾਤਮਕ ਸੁਝਾਅ ਪ੍ਰਾਪਤ ਹੋਏ।ਆਈਏਐਸ ਹਰਸ਼ਿਤਾ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਯੂਪੀਐਸਸੀ ਪ੍ਰੀਖਿਆ ਦੀ ਪੂਰੀ ਸੰਰਚਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪ੍ਰਾਥਮਿਕ, ਮੁੱਖ ਅਤੇ ਸ਼ਖ਼ਸੀਅਤ ਸੰਬੰਧੀ ਟੈਸਟ ਦੇ ਵੱਖ-ਵੱਖ ਪੜਾਵਾਂ ਦੀ ਵਿਸਥਾਰ ਨਾਲ ਚਰਚਾ ਕਰਦਿਆਂ ਵਿਦਿਆਰਥੀਆਂ ਨੂੰ ਪਾਠਕ੍ਰਮ ਦੀ ਗਹਿਰਾਈ ਨਾਲ ਤਿਆਰੀ 'ਤੇ ਜ਼ੋਰ ਦੇਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮੇਂ ਦੀ ਸਹੀ ਯੋਜਨਾ ਬਣਾਉਣ, ਨਿਯਮਿਤ ਦੁਹਰਾਈ ਅਤੇ ਲਗਾਤਾਰ ਅਧਿਐਨ ਕਰਨ ਦੀ ਮਹੱਤਤਾ ਬਾਰੇ ਵੀ ਦੱਸਿਆ। ਖਾਸ ਤੌਰ 'ਤੇ ਮੁੱਖ ਪ੍ਰੀਖਿਆ ਲਈ ਉਨ੍ਹਾਂ ਨੇ ਉੱਤਰ ਲਿਖਣ ਦੀਆਂ ਪ੍ਰਭਾਵਸ਼ਾਲੀ ਤਕਨੀਕਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਉੱਤਰ ਵਿੱਚ ਸਪਸ਼ਟ ਭੂਮਿਕਾ, ਵਿਸ਼ਲੇਸ਼ਣਾਤਮਕ ਸਮੱਗਰੀ, ਤੱਥਾਂ ਅਤੇ ਉਦਾਹਰਣਾਂ ਦੀ ਵਰਤੋਂ ਅਤੇ ਸੰਖੇਪ ਨਤੀਜਾ ਸ਼ਾਮਲ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਿਯਮਿਤ ਉੱਤਰ ਲਿਖਣ ਦਾ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ। ਸੈਸ਼ਨ ਦੌਰਾਨ ਆਈਏਐਸ ਅਧਿਕਾਰੀ ਨੇ ਆਪਣੀ ਨਿੱਜੀ ਯਾਤਰਾ ਅਤੇ ਤਿਆਰੀ ਦੌਰਾਨ ਆਈਆਂ ਚੁਣੌਤੀਆਂ ਬਾਰੇ ਵੀ ਗੱਲ ਕੀਤੀ। ਉਨ੍ਹਾਂ ਨੇ ਦੱਸਿਆ ਕਿ ਅਨੁਸ਼ਾਸਨ, ਧੀਰਜ ਅਤੇ ਲਗਾਤਾਰ ਮਿਹਨਤ ਨਾਲ ਹੀ ਇਸ ਮੁਕਾਬਲੇ ਭਰੀ ਪ੍ਰੀਖਿਆ ਵਿੱਚ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਇਸ ਮੌਕੇ ਵਿਦਿਆਰਥੀਆਂ ਨਾਲ ਇੱਕ ਰੋਚਕ ਪ੍ਰਸ਼ਨ-ਉੱਤਰ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਅਧਿਐਨ ਸਮੱਗਰੀ, ਪ੍ਰੇਰਣਾ ਬਣਾਈ ਰੱਖਣ ਅਤੇ ਤਿਆਰੀ ਦੀ ਯੋਜਨਾ ਸੰਬੰਧੀ ਆਪਣੇ ਸਵਾਲ ਪੁੱਛੇ। ਯੂਨੀਵਰਸਿਟੀ ਵੱਲੋਂ ਇਸ ਤਰ੍ਹਾਂ ਦੇ ਮਾਰਗਦਰਸ਼ਨ ਪ੍ਰੋਗਰਾਮਾਂ ਰਾਹੀਂ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਤਿਆਰ ਕਰਨ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV








Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰਮੁਖਿ ਸਦੇ ਜਾਨਿ ਆਵਨਿ ਘਲਿਆ ॥



ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ,

**ਸੰਤ ਗਿਆਨੀ ਜਰਨੈਲ ਸਿੰਘ ਜੀ 'ਖਾਲਸਾ ਭਿੰਡਰਾਂਵਾਲਿਆਂ**

ਵੱਲੋਂ ਆਰੰਭੇ ਸਿੱਖ ਆਜਾਦੀ ਸੰਘਰਸ਼ ਵਿੱਚ ਬਾਬਾ ਤਾਰਾ ਸਿੰਘ 'ਵਾਂ' ਵਾਂਗ ਅਹਿਮ ਯੋਗਦਾਨ ਪਾਉਣ ਵਾਲੇ

# ਬਾਬਾ ਮੇਜਰ ਸਿੰਘ 'ਰੋਡੇ'

ਅਕਾਲਪੁਰਖ ਦੇ ਹੁਕਮਿ ਅੰਦਰ ਮਿਤੀ 6 ਮਾਰਚ 2026 ਨੂੰ ਪੰਜ ਭੂਤਕ ਸਰੀਰ ਤਿਆਗ ਗਏ ਹਨ। ਜਿੰਨਾਂ ਦੀ ਆਤਮਿਕ ਸ਼ਾਂਤੀ ਨਮਿਤ

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਦੇ ਭੋਗ

**ਮਿਤੀ 15 ਮਾਰਚ 2026 ਦਿਨ ਐਤਵਾਰ ਨੂੰ ਦੁਪਹਿਰ 1:00 ਵਜੇ**

**ਸਥਾਨ :– ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ**

**ਪਿੰਡ ਰੋਡੇ, ਜ਼ਿਲ੍ਹਾ ਮੋਗਾ**

ਵਿਖੇ ਪਾਏ ਜਾਣਗੇ । ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ।

ਵਾਹਿਗੁਰੂ ਦੇ ਭਾਣੇ ਵਿਚ :

ਸਮੂਹ ਬਰਾੜ ਪਰਿਵਾਰ ਮੋ: 75298-84822

ਆਵਾਜ਼ਿ ਕੌਮ AWAZE QAUM International Newspaper & WEB TV

## ਮਾਣਯੋਗ ਜਸਟਿਸ ਰੋਹਿਤ ਕਪੂਰ ਵੱਲੋਂ ਅੰਮ੍ਰਿਤਸਰ ਅਤੇ

# ਬਾਬਾ ਬਕਾਲਾ ਸਾਹਿਬ ਦੀਆਂ ਅਦਾਲਤਾਂ ਦਾ ਸਾਲਾਨਾ ਨਿਰੀਖਣ



**ਚੌਕ ਮਹਿਤਾ, 14 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਜੱਜ ਅਤੇ ਸੈਸ਼ਨ ਡਿਵੀਜ਼ਨ ਅੰਮ੍ਰਿਤਸਰ ਦੇ ਪ੍ਰਸ਼ਾਸਕੀ ਜੱਜ ਮਾਣਯੋਗ ਜਸਟਿਸ ਰੋਹਿਤ ਕਪੂਰ ਵੱਲੋਂ ਅੱਜ ਬਾਬਾ ਬਕਾਲਾ ਸਾਹਿਬ ਦੀਆਂ ਅਦਾਲਤਾਂ ਦਾ ਸਾਲਾਨਾ ਨਿਰੀਖਣ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨਜ ਜੱਜ ਮੈਡਮ ਜਤਿੰਦਰ ਕੌਰ ਸ੍ਰੀ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ, ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ , ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਬਕਾਲਾ ਸਾਹਿਬ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਸਕੱਤਰ ਸ੍ਰੀ ਅਮਰਦੀਪ ਸਿੰਘ ਬੈਂਸ ਵੀ ਹਾਜ਼ਰ ਸਨ।ਇਸ ਮੌਕੇ ਪੰਜਾਬ ਪੁਲਿਸ ਦੇ ਜਵਾਨਾਂ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਵੀ ਦਿੱਤਾ ਗਿਆ।




ਨਿਰੀਖਣ ਦੌਰਾਨ ਮਾਣਯੋਗ ਜਸਟਿਸ ਰੋਹਿਤ ਕਪੂਰ ਨੇ ਅਦਾਲਤਾਂ ਦੀ ਕਾਰਗੁਜ਼ਾਰੀ, ਨਿਆਂਕ ਢਾਂਚੇ, ਕੇਸ ਮੈਨੇਜਮੈਂਟ ਪ੍ਰਣਾਲੀ ਅਤੇ ਸਮੁੱਚੀਆਂ ਪ੍ਰਸ਼ਾਸਕੀ ਵਿਵਸਥਾਵਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਨਿਆਂਇਕ ਅਧਿਕਾਰੀਆਂ ਅਤੇ ਅਦਾਲਤੀ ਸਟਾਫ ਨਾਲ ਮੁਲਾਕਾਤ ਕਰਦੇ ਹੋਏ ਕੇਸਾਂ ਦੇ ਸਮੇਂ-ਸਿਰ ਨਿਪਟਾਰੇ, ਨਿਆਂਇਕ ਕੰਮ ਦੀ ਉੱਚ ਮਿਆਰ ਬਣਾਈ ਰੱਖਣ ਅਤੇ ਲੋਕਾਂ ਨੂੰ ਪ੍ਰਭਾਵਸ਼ਾਲੀ ਨਿਆਂ ਪ੍ਰਦਾਨ ਕਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਸ੍ਰੀ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ ਵੱਲੋ ਸਮੂਹ ਵਕੀਲਾ ਅਤੇ ਜੁਡੀਸ਼ੀਅਲ ਡਿਪਾਰਟਮੈਂਟ ਦਰਮਿਆਨ ਬਣਾਏ ਤਾਲਮੇਲ ਦੀ ਸ਼ਲਾਘਾ ਕੀਤੀ।ਮਾਣਯੋਗ ਜਸਟਿਸ ਰੋਹਿਤ ਕਪੂਰ ਨੇ ਜ਼ਿਲ੍ਹਾ ਬਾਰ ਐਸੋਸੀਏਸ਼ਨ, ਅੰਮ੍ਰਿਤਸਰ ਦੇ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ ਮਾਣਯੋਗ ਜਸਟਿਸ ਰੋਹਿਤ ਕਪੂਰ ਨੇ 14.03.2026 ਨੂੰ ਹੋਣ ਵਾਲੀ ਰਾਸ਼ਟਰੀ ਲੋਕ ਅਦਾਲਤ ਦੀਆਂ ਤਿਆਰੀਆਂ ਦੀ ਵੀ ਸਮੀਖਿਆ ਕੀਤੀ ਅਤੇ ਨਿਆਂਇਕ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਵੇ ਤਾਂ ਜੋ ਆਮ ਲੋਕਾ ਨੂੰ ਸਸਤਾ ਅਤੇ ਜਲਦੀ ਨਿਆ ਮਿਲ ਸਕੇ। ਇਸ ਮੌਕੇ ਮਾਣਯੋਗ ਜਸਟਿਸ ਰੋਹਿਤ ਕਪੂਰ ਨੇ ਬਾਬਾ ਬਕਾਲਾ ਸਾਹਿਬ ਵਿਖੇ ਈ-ਮੁਲਾਕਾਤ ਸਹੂਲਤ ਦਾ ਉਦਘਾਟਨ ਵੀ ਕੀਤਾ। ਇਸ ਸਹੂਲਤ ਰਾਹੀਂ ਕੈਦੀ ਆਪਣੇ ਵਕੀਲਾਂ ਨਾਲ ਡਿਜ਼ੀਟਲ ਪਲੇਟਫਾਰਮ ਰਾਹੀਂ ਸੰਪਰਕ ਕਰ ਸਕਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਵਾਤਾਵਰਨ ਦੀ ਭਲਾਈ ਲਈ ਅੱਗੇ ਆਇਆ ਸੇਵਿਅਰ ਕਲੱਬ

# ਰਜਵਾਹੇ ਦੀ ਕੀਤੀ ਸਫਾਈ

**ਪਟਿਆਲਾ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੇਵਿਅਰ ਕਲੱਬ (ਰਜਿ) ਪਟਿਆਲਾ ਲੋਕਾਂ ਨੂੰ ਵਾਤਾਵਰਨ ਦੀ ਸਫਾਈ ਰੱਖਣ ਦੇ ਪ੍ਰਤਿ ਲਗਾਤਾਰ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ।ਇਸ ਕਲੱਬ ਦੇ ਮੈਂਬਰਾਂ ਨੇ ਨਾਭਾ ਰੋਡ ਦੇ ਰਜਵਾਹੇ ਦੀ ਸਫਾਈ ਕੀਤੀ।ਇਸ ਸਫਾਈ ਅਭਿਆਨ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਪਵਨ ਗਰਗ ਅਤੇ ਚਮਨ ਸ਼ਰਮਾ ਨੇ ਦੱਸਿਆ ਕਿ ਐਂਤਕੀ ਸਫਾਈ ਅਭਿਆਨ ਦੇ ਵਿੱਚ ਬਸਤੀ ਦੇ ਵਸਨੀਕਾਂ ਤੋਂ ਇਲਾਵਾ ਜਲ ਸਰੋਤ ਵਿਭਾਗ ਦੀ ਟੀਮ ਦੇ ਮੈਂਬਰਾਂ ਨੇ ਵੀ ਹਿੱਸਾ ਲਿਆ।ਰਜਵਾਹੇ ਦੇ ਅੰਦਰ ਅਤੇ ਬਾਹਰ ਪਲਾਸਟਿਕ ਦੇ ਕਚਰੇ ਨੂੰ ਇਕੱਠਾ ਕਰਕੇ ਪੰਜਾਬੀ ਬਾਗ ਵਿੱਚ ਸਥਿਤ ਕੂੜੇ ਦੇ ਡੰਪ ਤੇ ਲਿਜਾਇਆ ਗਿਆ। ਉਹਨਾਂ ਦੱਸਿਆ ਕਿ ਸੇਵਿਅਰ ਕਲੱਬ ਦਾ ਮੰਤਵ ਨਾਭਾ ਰੋਡ ਨੂੰ ਪੂਰਣ ਤੌਰ ਤੇ ਪਲਾਸਟਿਕ ਦੇ ਕਚਰੇ ਤੋਂ ਮੁਕਤੀ ਦਿਵਾਉਣਾ ਹੈ।ਇਸ ਉਦੇਸ਼ ਦੀ ਪੂਰਤੀ ਦੇ ਲਈ ਦੁਕਾਨਦਾਰਾਂ ਅਤੇ ਵਸਨੀਕਾਂ ਨੂੰ ਸਫਾਈ ਰੱਖਣ ਪ੍ਰਤਿ ਜਾਗਰੂਕ ਕੀਤਾ ਜਾ ਰਿਹਾ ਹੈ।ਕਲੱਬ ਨੇ ਮਹਾਂਸ਼ਿਵਰਾਤਰੀ ਤੋਂ ਸਫਾਈ ਅਭਿਆਨ ਦੀ ਸ਼ੁਰੂਆਤ ਕੀਤੀ ਸੀ ਜਿਸਦੇ ਚੰਗੇ ਨਤੀਜੇ ਵੇਖਣ ਨੂੰ ਮਿਲ ਰਹੇ ਹਨ। ਅਬਲੋਵਾਲ ਬਸਤੀ ਦੇ ਲੋਕਾਂ ਨੂੰ ਰਜਵਾਹੇ ਵਿੱਚ ਕਚਰਾ ਨਾ ਸੁੱਟਣ ਬਾਰੇ ਲਗਾਤਾਰ ਸਮਝਾਇਆ ਜਾ ਰਿਹਾ ਹੈ।ਉਹਨਾਂ ਦੱਸਿਆ ਕਿ ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਦੇ ਸਹਿਯੋਗ ਦੇ ਨਾਲ ਰਜਵਾਹੇ ਨੂੰ ਸੈਰਗਾਹ ਵਿੱਚ ਪਰਿਵਰਤਿਤ ਕੀਤਾ ਜਾਵੇਗਾ।ਕਲੱਬ ਦੇ ਅਹੁੱਦੇਦਾਰਾਂ ਨੇ ਜਲ ਸਰੋਤ ਵਿਭਾਗ ਵੱਲੋਂ ਸਫਾਈ ਅਭਿਆਨ ਵਿੱਚ ਸਹਿਯੋਗ ਕਰਨ ਲਈ ਧੰਨਵਾਦ ਕੀਤਾ।ਇੱਥੇ ਜ਼ਿਕਰਯੋਗ ਹੈ ਕਿ ਸੇਵਿਅਰ ਕਲੱਬ (ਰਜਿ) ਵਾਤਾਵਰਨ ਤੋਂ ਇਲਾਵਾ ਕਈ ਪ੍ਰਕਾਰ ਦੀਆਂ ਲੋਕ ਭਲਾਈ ਸਕੀਮਾਂ ਜਿਵੇਂ ਖ਼ੂਨਦਾਨ ਕੈਂਪ, ਗਰੀਬ ਵਿਅਕਤੀਆਂ ਦੀ ਆਰਥਿਕ ਮੱਦਦ ਕਰਨਾ, ਅਵਾਰਾ ਪਸ਼ੂਆ ਦੀ ਸਮੱਸਿਆ ਦਾ ਨਿਪਟਾਰਾ, ਰੇਹੜੀਆਂ ਦੀ ਸਹੀ ਵਿਵਸਥਾ ਕਰਨਾ, ਮੁੱਖ ਮੰਤਰੀ ਬੀਮਾ ਯੋਜਨਾ ਕਾਰਡ ਬਣਾਉਣ ਲਈ ਕੈਂਪ ਦਾ ਆਯੋਜਨ ਅਤੇ ਆਦਿ ਪੌਦੇ ਲਗਾਉਣ ਵਿੱਚ ਯਤਨਸ਼ੀਲ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਫਿਲਮ ਧੁਰੰਦਰ 2 ਵਿਚ ਦਸਤਾਰਧਾਰੀ ਸਿੱਖ ਪਾਤਰ ਦੇ ਨਸ਼ੇ ਵਾਲੇ ਦ੍ਰਿਸ਼ ਬਦਲੇ ਜਾਣ ਨਹੀਂ ਤਾਂ ਹੋਵੇਗੀ ਕਾਨੂੰਨੀ ਕਾਰਵਾਈ ਅਤੇ ਵਿਰੋਧ ਪ੍ਰਦਰਸ਼ਨ: ਗੁਰਮੀਤ ਸਿੰਘ ਸ਼ੰਟੀ

- ☛ ਫਿਲਮ ਸੈਂਸਰ ਬੋਰਡ ਨੂੰ ਪੱਤਰ ਲਿਖ ਕੀਤੀ ਗਈ ਮੰਗ
- ☛ ਦਿੱਲੀ ਕਮੇਟੀ ਵਲੋਂ ਇਸ ਮਾਮਲੇ ਤੇ ਚੁੱਪ ਰਹਿਣਾ ਨਮੋਸ਼ੀਜਨਕ



**ਨਵੀਂ ਦਿੱਲੀ, 14 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਇੱਕ ਦਸਤਾਰਧਾਰੀ ਸਿੱਖ ਪਾਤਰ ਨੂੰ ਸਿਗਰਟ ਪੀਂਦੇ ਜਾਂ ਹੱਥ ਵਿੱਚ ਫੜੇ ਹੋਏ ਦਿਖਾਉਣਾ ਸਿੱਖ ਧਰਮ ਦੀਆਂ ਮਰਿਯਾਦਾਵਾਂ ਅਤੇ ਸਿਧਾਂਤਾਂ ਦੇ ਪੂਰੀ ਤਰ੍ਹਾਂ ਉਲਟ ਹੈ। ਸਿੱਖ ਰਹਿਤ ਮਰਿਯਾਦਾ ਵਿੱਚ ਤੰਬਾਕੂ (ਜਗਤ ਜੂਠ) ਦਾ ਸੇਵਨ "ਬੱਜਰ ਕੁਰਹਿਤਾਂ" ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਰਦਾਰ ਗੁਰਮੀਤ ਸਿੰਘ ਸ਼ੰਟੀ ਨੈਸ਼ਨਲ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਰਾਸ਼ਟਰੀ ਬੁਲਾਰੇ ਅਤੇ ਸਾਬਕਾ ਜਨਰਲ ਸਕੱਤਰ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਨੇ ਕਿਹਾ ਕਿ ਫਿਲਮ ਧੁਰੰਦਰ 2 ਵਿਚ ਦਿਖਾਏ ਜਾ ਰਹੇ ਸਿੱਖ ਕਿਰਦਾਰ ਦੇ ਦ੍ਰਿਸ਼ਾ ਰਾਹੀਂ ਕੌਮ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਜੋ ਕਿ ਨਾਬਰਦਾਸ਼ਤ ਯੋਗ ਹੈ।ਉਨ੍ਹਾਂ ਕਿਹਾ ਸਿੱਖ ਧਰਮ ਵਿੱਚ ਕੇਸ ਅਤੇ ਦਸਤਾਰ ਗੁਰੂ ਦੀ ਬਖਸ਼ਿਸ਼ ਅਤੇ ਪਵਿੱਤਰਤਾ ਦਾ ਪ੍ਰਤੀਕ ਹਨ। ਦਸਤਾਰਧਾਰੀ ਵਿਅਕਤੀ ਦਾ ਸਿਗਰਟ ਪੀਣਾ ਸਿੱਖੀ ਦੀਆਂ ਮੂਲ ਕਦਰਾਂ- ਕੀਮਤਾਂ ਦੀ ਉਲੰਘਣਾ ਮੰਨਿਆ ਜਾਂਦਾ ਹੈ। ਇਸ ਲਈ ਅਜਿਹੇ ਦ੍ਰਿਸ਼ ਸਿੱਖ ਭਾਈਚਾਰੇ ਦੇ ਜਜ਼ਬਾਤਾਂ ਨੂੰ ਠੇਸ ਪਹੁੰਚਾ ਸਕਦਾ ਹੈ ਅਤੇ ਇਸ ਨੂੰ ਧਰਮ ਦੀ ਬੇਅਦਬੀ ਵਜੋਂ ਦੇਖਿਆ ਜਾ ਸਕਦਾ ਹੈ। ਉਨ੍ਹਾਂ ਦਸਿਆ ਜੇਕਰ ਫਿਲਮ ਅੰਦਰ ਕਹਾਣੀ ਦੀ ਮੰਗ ਅਨੁਸਾਰ ਕਿਸੇ ਪਾਤਰ ਦੀਆਂ ਬੁਰਾਈਆਂ ਦਿਖਾਉਣੀਆਂ ਹੋਣ, ਤਾਂ ਆਮ ਤੌਰ 'ਤੇ ਉਸ ਨੂੰ ਦਸਤਾਰਧਾਰੀ ਜਾਂ ਅੰਮ੍ਰਿਤਧਾਰੀ ਰੂਪ ਵਿੱਚ ਨਹੀਂ ਦਿਖਾਇਆ ਜਾਂਦਾ, ਕਿਉਂਕਿ ਦਸਤਾਰ ਇੱਕ ਉੱਚੇ ਇਖ਼ਲਾਕੀ ਜੀਵਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਇਸ ਲਈ ਅਸੀਂ ਸੈਂਸਰ ਬੋਰਡ ਨੂੰ ਇਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਇਸ ਫਿਲਮ ਉਪਰ ਤੁਰੰਤ ਕਾਰਵਾਈ ਕਰਦਿਆਂ ਸਿੱਖ ਪਾਤਰ ਦੇ ਹੱਥਾਂ ਵਿਚ ਦਿਖਾਈ ਜਾ ਰਹੀ ਨਸ਼ੇ ਦੀ ਸਮਗਰੀ ਵਾਲੇ ਦ੍ਰਿਸ਼ ਹਟਵਾਏ ਜਾਣ ਜ਼ੇਕਰ ਫਿਲਮ ਨਿਰਮਾਤਾ ਨਹੀਂ ਮੰਨਦਾ ਤਾਂ ਫਿਲਮ ਨੂੰ ਬੈਨ ਕੀਤਾ ਜਾਏ। ਉਨ੍ਹਾਂ ਲਿਖਿਆ ਜ਼ੇਕਰ ਤੁਸੀਂ ਇਸ ਵਿਚ ਅਸਫਲ ਹੁੰਦੇ ਹੋ ਤਾਂ ਫਿਲਮ ਵਿਰੁੱਧ ਵੱਡੇ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤੇ ਜਾ ਸਕਦੇ ਹਨ ਜਿਸ ਕਰਕੇ ਇਸਨੂੰ ਸਿਨੇਮਾ ਹਾਲ ਵਾਲੇ ਪ੍ਰਦਰਸ਼ਿਤ ਹੋਣ ਤੇ ਰੋਕ ਸਕਦੇ ਹਨ । ਇਸਦੇ ਨਾਲ ਹੀ ਅਸੀਂ ਤੁਹਾਨੂੰ ਸੂਚਿਤ ਕਰਦੇ ਹਾਂ ਕਿ ਫਿਲਮ ਨਿਰਮਾਤਾ ਵਿਰੁੱਧ ਸਿੱਖ ਪੰਥ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਣ ਕਰਕੇ ਬਣਦੀ ਕਾਨੂੰਨੀ ਕਾਰਵਾਈ ਵੀ ਕੀਤੀ ਜਾਏਗੀ ਅਤੇ ਅਕਾਲ ਤਖਤ ਸਾਹਿਬ ਤੇ ਵੀ ਇਸ ਬਾਰੇ ਸ਼ਿਕਾਇਤ ਕੀਤੀ ਜਾਏਗੀ। ਉਨ੍ਹਾਂ ਦਸਿਆ ਇਸ ਪੱਤਰ ਦੀ ਕਾਪੀ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਐਸਜੀਪੀਸੀ ਪ੍ਰਧਾਨ, ਅਤੇ ਦਿੱਲੀ ਪੁਲਿਸ ਦੇ ਅਪਰਾਧ ਸ਼ਾਖਾ ਦੇ ਜੋਇੰਟ ਕਮਿਸ਼ਨਰ ਨੂੰ ਬਣਦੀ ਕਾਰਵਾਈ ਲਈ ਭੇਜੀ ਜਾਏਗੀ । ਅੰਤ ਵਿਚ ਉਨ੍ਹਾਂ ਕਿਹਾ ਇਸ ਕੰਮ ਲਈ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕ ਅਤੇ ਧਰਮ ਪ੍ਰਚਾਰ ਵਿੰਗ ਦੇ ਮੁੱਖੀ ਨੂੰ ਇਸ ਮਾਮਲੇ ਵਿਚ ਤੁਰੰਤ ਅੱਗੇ ਆਣਾ ਚਾਹੀਦਾ ਸੀ ਪਰ ਉਨ੍ਹਾਂ ਦੀ ਹਰ ਖੇਤਰ ਵਿਚ ਕਾਰਗੁਜਾਰੀ ਜੀਰੋ ਹੋਣ ਕਰਕੇ ਇਸ ਮਾਮਲੇ ਵਿਚ ਚੁੱਪ ਰਹਿਣਾ ਨਮੋਸ਼ੀਜਨਕ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

## ਗ਼ਜ਼ਲ

ਅੱਖਾਂ ਦੇ ਪਾਣੀ ਸੁੱਕ ਗਏ ਨੇ।
ਦਿਲ ਦੇ ਰਿਸ਼ਤੇ ਟੁੱਟ ਗਏ ਨੇ।

ਸੁਪਨੇ ਜਿਹੜੇ ਸਜਣ ਵਾਲੇ ਸੀ,
ਵਕਤ ਦੇ ਹੱਥੋਂ ਲੁੱਟ ਗਏ ਨੇ।

ਜਿਨ੍ਹਾਂ ਉੱਤੇ ਸੀ ਮਾਣ ਅਸਾਡਾ,
ਓਹੀ ਰਾਹਾਂ ਦੇ ਵਿੱਚ ਸੁੱਟ ਗਏ ਨੇ।

ਸਾਥ ਨਿਭਾਉਣ ਵਾਲੇ ਵਾਅਦੇ,
ਵਕਤ ਦੇ ਨਾਲ ਹੀ ਮੁੱਕ ਗਏ ਨੇ।

ਹੱਸਦੇ ਚਿਹਰੇ ਅੰਦਰੋਂ ਵੇਖਾਂ,
ਕਿੰਨੇ ਜਖ਼ਮ ਲੁੱਕ ਗਏ ਨੇ।

ਭਰੋਸੇ ਦੇ ਇਹ ਧਾਗੇ ਕੱਚੇ,
ਝੂਠੇ ਬੋਲਾਂ ਨਾਲ ਟੁੱਟ ਗਏ ਨੇ।

"ਸੋਹਲ" ਹੁਣ ਨਾ ਸ਼ਿਕਵਾ ਕਰੀਏ,
ਸਬਕ ਸਮੇਂ ਦੇ ਰੁੱਕ ਗਏ ਨੇ।

**-ਗੁਰਜੰਟ ਸਿੰਘ ਨਥੇਹਾ, ਪਿੰਡ ਤੇ ਡਾਕ. ਨਥੇਹਾ (ਬਠਿੰਡਾ)**
**ਸੰਪਰਕ: 8968727272**

ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ 558ਵੇਂ ਦੀ ਆਮਦ ਨੂੰ ਸਮਰਪਿਤ

# ਧਾਰਮਿਕ ਸਮਾਗਮ ਕਰਵਾਇਆ













**ਮਹਿਤਾ ਚੌਕ, 14 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਵੇਂ ਵਰੇ ਨਾਨਕ ਸ਼ਾਹੀ ਸੰਮਤ 558ਵੇ ਦੀ ਆਮਦ ਨੂੰ ਸਮਰਪਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਦਮਦਮੀ ਟਕਸਾਲ ਜਥਾ ਭਿੰਡਰਾਂ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਜੀ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ।ਜਿਸ ਵਿੱਚ ਭਾਈ ਗੁਰਜੋਤ ਸਿੰਘ ਸ਼ਾਹਬਾਦ ਮਾਰਕੰਡਾ ,ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਜੋਤ ਸਿੰਘ ਜ਼ਖ਼ਮੀ ਜੀ , ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵੱਲੋਂ ਜਥੇਦਾਰ ਭਾਈ ਸੁਖਦੇਵ ਸਿੰਘ ਜੀ (ਮੁੱਖ ਬੁਲਾਰਾ ਦਮਦਮੀ ਟਕਸਾਲ) ਅਤੇ ਹੋਰ ਜ਼ਿਮੇਵਾਰ ਸਿੰਘ ,ਬੀਬੀ ਸਤਵੰਤ ਕੌਰ ਜੀ (ਸਪੁੱਤਰੀ ਭਾਈ ਅਮਰੀਕ ਸਿੰਘ ਜੀ) ਇਸ ਸਮਾਗਮ ਪ੍ਰਵਾਨਗੀ ਲਈ ਵਿਸ਼ੇਸ਼ ਧੰਨਵਾਦ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾਕਟਰ ਜਗਦੀਪ ਸਿੰਘ ਜੀ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਟਕਾਪੁਰ ਦੀ ਫੁੱਟਬਾਲ ਟੀਮ ਨੇ

# ਖੱਬੇ ਰਾਜਪੂਤਾਂ ਟੂਰਨਾਮੈਂਟ ਵਿੱਚ ਮੱਲਾਂ ਮਾਰੀਆਂ

**ਚੌਕ ਮਹਿਤਾ, 14 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਦਗਾਰੀ ਮੈਮੋਰੀਅਲ 50 ਵੇ ਛੇ ਰੋਜ਼ਾ ਫੁੱਟਬਾਲ ਟੂਰਨਾਮੈਂਟ ਪਿੰਡ ਖੱਬੇਰਾਜਪੁਤਾ ਦੀ ਖੇਡ ਗਰਾਊਂਡ ਵਿੱਚ ਕਰਵਾਇਆ ਗਿਆ।ਜਿਸ ਅੰਡਰ 14 ਸਾਲ ਵਿੱਚ 16 ਟੀਮਾਂ ਨੇ ਭਾਗ ਲਿਆ। ਜਿਸ ਵਿਚ ਟਕਾਪੁਰ ਫੁੱਟਬਾਲ ਅਕੈਡਮੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾਂ ਪ੍ਰਾਪਤ ਕੀਤਾ ।

ਇਨ੍ਹਾਂ ਖਿਡਾਰੀਆਂ ਨੂੰ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਸਨਮਾਨਿਤ ਕੀਤਾ ।ਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਪਿੰਡ ਟਕਾਪੁਰ ਪੁੱਜਣ ਤੇ ਟੀਮ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਅਕੈਡਮੀ ਦੇ ਸਰਪ੍ਰਸਤ ਸਰਦਾਰ ਗੁਰਬਿੰਦਰ ਸਿੰਘ ਬੱਲ ਯੂਐਸਏ ਨੇ ਸਪੈਸ਼ਲ ਤੌਰ ਤੇ ਕੋਚ ਜੁਗਰਾਜ ਸਿੰਘ ਨੂੰ ਫੋਨ ਤੇ ਵਦਾਈ ਦਿੱਤੀ ਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਇਸ ਮੌਕੇ ਸਰਪੰਚ ਸ ਗਿਆਨ ਸਿੰਘ ਸਾਬਕਾ ਸਰਪੰਚ ਸ ਹਰਪਾਲ ਸਿੰਘ, ਸ ਸੁਖਦੇਵ ਸਿੰਘ ਬਿੱਟੂ, ਸ ਗੁਰਦੇਵ ਸਿੰਘ ਟੋਨੀ, ਸ ਬਲਵਿੰਦਰ ਸਿੰਘ ਸੈਕਟਰੀ ਸ ਗੁਰਬਖਸਿੰਦਰ ਸਿੰਘ ਬਾਬਾ ਬਿਕਰਮਜੀਤ ਸਿੰਘ, ਕੋਚ ਜੁਗਰਾਜ ਸਿੰਘ ਤੇ ਵਰਿੰਦਰ ਸਿੰਘ ਵਿਜੇ ਪ੍ਰਤਾਪ ਸਿੰਘ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

# ਕੌਮੀ ਐਥਲੀਟ ਅਮਨਦੀਪ ਕੌਰ, ਰਣਜੀਤ ਕੌਰ ਤੇ ਰੋਹਿਣੀ ਭਾਰਦਵਾਜ ਦਾ ਹੋਇਆ ਵਿਸ਼ੇਸ਼ ਸਨਮਾਨ

## ਪੰਜਾਬ ਦੀ ਨਾਮਵਰ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਨੇ ਕੀਤਾ ਵਿਸ਼ੇਸ਼ ਉਪਰਾਲਾ



**ਚੌਕ ਮਹਿਤਾ, 14 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੀ ਨਾਮਵਰ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਦੇ ਵੱਲੋਂ ਵੱਖਵੱਖ ਖੇਤਰਾਂ ਦੇ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਤੇ ਪ੍ਰਾਪਤੀਆਂ ਕਰਨ ਵਾਲੀਆਂ ਮਹਿਲਾਵਾਂ ਨੂੰ ਸਨਮਾਨਿਤ ਕੀਤੇ ਜਾਣ ਦੇ ਸਿਲਸਿਲੇ ਨੂੰ ਅੱਗੇ ਵਧਾਉਂਦੇ ਹੋਏ ਕੁੱਝ ਹੋਰ ਮਹਿਲਾਵਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਹੈ। ਕਲੱਬ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਸਮਾਜ ਸੇਵਕ) ਦੀਆਂ ਸਾਗਿਰਦ ਕੌਮੀ ਐਥਲੀਟ ਅਮਨਦੀਪ ਕੌਰ, ਰਣਜੀਤ ਕੌਰ ਅਤੇ ਰੋਹਿਣੀ ਭਾਰਦਵਾਜ (ਇਹਨਾਂ ਅਨਮੋਲ ਰਤਨਾਂ) ਨੂੰ ਆਇਰਨ ਲੇਡੀ ਐਵਾਰਡ ਨਾਲ ਨਵਾਜਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕੌਮੀ ਐਥਲੀਟ ਅਮਨਦੀਪ ਕੌਰ, ਰਣਜੀਤ ਕੌਰ ਤੇ ਰੋਹਿਣੀ ਭਾਰਦਵਾਜ ਤਿੰਨੇ ਉਹ ਖਿਡਾਰਨਾ ਹਨ ਜਿੰਨ੍ਹਾ ਨੇ ਆਪੋ ਆਪਣੇ ਖੇਡ ਖੇਤਰ ਦੇ ਵਿੱਚ ਸਖਤ ਮਿਹਨਤ ਕਰਦੇ ਹੋਏ ਉਹ ਮੁਕਾਮ ਹਾਂਸਲ ਕੀਤਾ ਹੈ ਜੋ ਸਹਿਜੇ ਕਿਸੇ ਨੂੰ ਨਸੀਬ ਨਹੀਂ ਹੁੰਦਾ। ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਦੱਸਿਆ ਕਿ ਤਿੰਨਾ ਖਿਡਾਰਨਾ ਨੂੰ ਸਨਮਾਨਿਤ ਕਰਨਾ ਕਲੱਬ ਦੇ ਵੱਲੋਂ ਸ਼ੁਰੂ ਕੀਤੇ ਗਏ ਸਿਲਸਿਲੇ ਦਾ ਹਿੱਸਾ ਹੈ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਖਿਡਾਰਨਾ ਨੇ ਵਿੱਦਿਆ ਦੇ ਨਾਲ.:.ਨਾਲ ਖੇਡ ਖੇਤਰ ਦੇ ਨਾਲ ਵੀ ਪੂਰਾ ਪੂਰਾ ਇੰਨਸਾਫ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਦੱਸਿਆ ਕਿ ਅਸੀਂ ਤਿੰਨੇ ਖਿਡਾਰਨਾ ਨੇ ਬੜੀ ਹਲਕੀ ਉਮਰੇ ਜ਼ਿਲ੍ਹਾ, ਰਾਜ ਤੇ ਕੌਮੀ ਪੱਧਰ ਤੇ ਆਪਣੀ ਖੇਡਸ਼ੈਲੀ ਦਾ ਝੰਡਾ ਬੁਲੰਦ ਕਰਕੇ ਅਗਲੇਰੀਆਂ ਖੇਡ ਪ੍ਰਤੀਯੋਗਤਾਵਾਂ ਦੇ ਲਈ ਰਾਹ ਪੱਧਰੇ ਕੀਤੇ ਹਨ। ਇੰਨ੍ਹਾਂ ਖਿਡਾਰਨਾ ਨੂੰ ਜਿੱਥੇ ਮੇਜਬਾਨ ਤੇ ਮੁਕਾਬਲਾ ਪ੍ਰਬੰਧਕਾ ਦੇ ਵੱਲੋਂ ਸਮੇਂ ਸਮੇਂ ਤੇ ਬਣਦਾ ਮਾਨ ਸਨਮਾਨ ਦਿੱਤਾ ਗਿਆ ਹੈ ਉਥੇ ਕਈ ਸਰਕਾਰੀ ਤੇ ਗੈਰ ਸਰਕਾਰੀ ਖੇਡ ਸੰਸਥਾਵਾਂ ਨੇ ਵੀ ਇੰਨ੍ਹਾਂ ਦੀਆਂ ਪ੍ਰਾਪਤੀਆਂ ਦੇ ਬਦਲੇ ਇੰਨ੍ਹਾਂ ਨੂੰ ਕਈ ਵਾਰ ਨਵਾਜਿਆ ਹੈ। ਇੱਥੇ ਹੀ ਬੱਸ ਨਹੀਂ ਕੌਮੀ ਐਥਲੀਟ ਅਮਨਦੀਪ ਕੌਰ, ਰਣਜੀਤ ਕੌਰ ਤੇ ਰੋਹਿਣੀ ਭਾਰਦਵਾਜ ਦੀ ਖੇਡ ਖੇਤਰ ਵਿੱਚ ਤੂਤੀ ਬੋਲਦੀ ਹੈ। ਉੱਥੇ ਇੰਨ੍ਹਾ ਨੇ ਵਿੱਦਿਆ ਦੇ ਖੇਤਰ ਵਿੱਚ ਵੀ ਜਿਕਰਯੋਗ ਪ੍ਰਾਪਤੀਆਂ ਕੀਤੀਆਂ ਹਨ। ਇਹੀ ਕਾਰਨ ਹੈ ਕਿ ਤਿੰਨਾ ਨੂੰ ਕਲੱਬ ਦੇ ਵੱਲੋਂ ਆਇਰਨ ਲੇਡੀ ਐਵਾਰਡ ਨਾਲ ਨਵਾਜਿਆ ਗਿਆ ਹੈ। ਇਸ ਮੌਕੇ ਕੌਮੀ ਐਥਲੀਟ ਅਮਨਦੀਪ ਕੌਰ, ਰਣਜੀਤ ਕੌਰ ਤੇ ਰੋਹਿਣੀ ਭਾਰਦਵਾਜ ਨੇ ਕਲੱਬ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਹੋਰ ਵੀ ਸ਼ਾਨਦਾਰ ਤੇ ਬੇਹਤਰ ਕਰਨ ਦਾ ਅਹਿਦ ਲਿਆ ਹੈ। ਇੰਨ੍ਹਾਂ ਦੀਆਂ ਪ੍ਰਾਪਤੀਆ ਤੇ ਡੀਆਈਜੀ ਹਰਮਨਬੀਰ ਸਿੰਘ ਗਿੱਲ, ਪੀਸੀਐਸ ਰਾਜੇਸ਼ ਸ਼ਰਮਾ, ਹਰਦੇਸ਼ ਸ਼ਰਮਾ, ਮਖਤੂਲ ਸਿੰਘ ਔਲਖ, ਵਰਿੰਦਰ ਚਾਵਲਾ ਨੇ ਵਧਾਈ ਦਿੰਦਿਆ ਸ਼ੁੱਭ ਇਛਾਵਾਂ ਭੇਜੀਆ ਹਨ।

-★ ਪੰਨਾ 1 ਦੀ ਬਾਕੀ ★-

## ਸ਼ੋ੍ਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ....

ਪ੍ਰਧਾਨ ਅੰਮ੍ਰਿਤਸ਼ਰ (ਸ਼ਹਿਰੀ), ਰਾਜਵੰਤ ਸਿੰਘ ਕੋਟਭਾਰਾ ਪ੍ਰਧਾਨ ਜਿਲਾ ਬਠਿੰਡਾ, ਸ਼੍ਰੀ ਸੋਨੂੰ ਮੱਲੀ ਤਪਾ ਪ੍ਰਧਾਨ ਬਰਨਾਲਾ (ਸ਼ਹਿਰੀ),ਗੁਰਤੇਜ ਸਿੰਘ ਖੁੱਡੀ ਪ੍ਰਧਾਨ ਬਰਨਾਲਾ (ਦਿਹਾਤੀ), ਡਾ ਅਰਜਨ ਸਿੰਘ ਅਮਲੋਹ ਜਿਲਾ ਪ੍ਰਧਾਨ ਫਤਿਹਗੜ੍ਹ ਸਾਹਿਬ (ਦਿਹਾਤੀ), ਰਣਜੀਤ ਸਿੰਘ ਕੌਂਸਲਰ ਪ੍ਰਧਾਨ ਫਰੀਦਕੋਟ (ਸ਼ਹਿਰੀ), ਸੁਖਵਿੰਦਰ ਸਿੰਘ ਕੋਟਸੁਖੀਆ ਪ੍ਰਧਾਨ ਫਰੀਦਕੋਟ (ਦਿਹਾਤੀ), ਜਸਪਾਲ ਸਿੰਘ ਲੱਖੋਕੇ ਬਹਿਰਾਮ ਪ੍ਰਧਾਨ ਫਿਰੋਜਪੁਰ (ਦਿਹਾਤੀ), ਸ਼੍ਰੀ ਰੌਣਕੀ ਰਾਮ ਆਲੋਵਾਲ ਪ੍ਰਧਾਨ ਗੁਰਦਾਸਪੁਰ (ਸ਼ਹਿਰੀ), ਲਖਵਿੰਦਰ ਸਿੰਘ ਘੁੰਮਣ ਪ੍ਰਧਾਨ ਗੁਰਦਾਸਪੁਰ (ਦਿਹਾਤੀ), ਪ੍ਰੇਮ ਸਿੰਘ ਪਿੱਪਲਾਂਵਾਲਾ ਪ੍ਰਧਾਨ ਹੁਸ਼ਿਆਰਪੁਰ (ਸ਼ਹਿਰੀ), ਸਰਬਜੀਤ ਸਿੰਘ ਮੋਮੀ ਮੂਣਕ ਪ੍ਰਧਾਨ ਹੁਸ਼ਿਆਰਪੁਰ (ਦਿਹਾਤੀ), ਸ਼੍ਰੀ ਭਜਨ ਲਾਲ ਚੋਪੜਾ ਪ੍ਰਧਾਨ ਜਲੰਧਰ (ਸ਼ਹਿਰੀ), ਮੋਹਣ ਸਿੰਘ ਕੰਡਿਆਲਾ ਪ੍ਰਧਾਨ ਜਲੰਧਰ (ਦਿਹਾਤੀ), ਸਰੂਪ ਸਿੰਘ ਖਲਵਾੜਾ ਪ੍ਰਧਾਨ ਕਪੂਰਥਲਾ (ਸ਼ਹਿਰੀ), ਸੁਰਿੰਦਰ ਸਿੰਘ ਦੇਸਲ ਪ੍ਰਧਾਨ ਕਪੂਰਥਲਾ (ਦਿਹਾਤੀ), ਕੁਲਦੀਪ ਸਿੰਘ ਖਾਲਸਾ ਪ੍ਰਧਾਨ ਲੁਧਿਆਣਾ (ਸ਼ਹਿਰੀ), ਸੁਖਵਿੰਦਰ ਸਿੰਘ ਪਾਹਵਾ ਪ੍ਰਧਾਨ (ਪੁਲਿਸ ਜਿਲਾ ਖੰਨਾਂ), ਜਗਰੂਪ ਸਿੰਘ ਗੁੱਜਰਵਾਲ ਪ੍ਰਧਾਨ (ਪੁਲਿਸ ਜਿਲਾ ਜਗਰਾਉਂ), ਰਣਧੀਰ ਸਿੰਘ ਥਰਾਜ ਪ੍ਰਧਾਨ ਜਿਲਾ ਮੋਗਾ, ਸਿੰਦਰਪਾਲ ਸਿੰਘ ਚਕੇਰੀਆਂ ਪ੍ਰਧਾਨ ਜਿਲਾ ਮਾਨਸਾ, ਰਾਮ ਸਿੰਘ ਆਹਨਖੇੜੀ ਪ੍ਰਧਾਨ ਜਿਲਾ ਮਲੇਰਕੋਟਲਾ, ਦਿਲਬਾਗ ਸਿੰਘ ਮੀਆਂਪੁਰ ਪ੍ਰਧਾਨ ਜਿਲਾ ਮੋਹਾਲੀ, ਪਰਮਿੰਦਰ ਸਿੰਘ ਪਾਸ਼ਾ ਪ੍ਰਧਾਨ ਸ਼੍ਰੀ ਮੁਕਤਸਰ ਸਾਹਿਬ (ਸ਼ਹਿਰੀ), ਭਗਤ ਸਿੰਘ ਫਤੂਹੀ ਖੇੜਾ ਪ੍ਰਧਾਨ ਸ਼੍ਰੀ ਮੁਕਤਸਰ ਸਾਹਿਬ (ਦਿਹਾਤੀ), ਗੁਰਚਰਨ ਸਿੰਘ ਖਾਲਸਾ ਪ੍ਰਧਾਨ ਪਟਿਆਲਾ (ਸ਼ਹਿਰੀ), ਹਰਬੰਸ ਸਿੰਘ ਜੋਗੀਪੁਰ ਪ੍ਰਧਾਨ ਪਟਿਆਲਾ (ਦਿਹਾਤੀ), ਨਿਰਮਲ ਸਿੰਘ ਹਰੀਵਾਲ ਸਾਬਕਾ ਮੈਂਬਰ ਜਿਲਾ ਪ੍ਰੀਸ਼ਦ ਪ੍ਰਧਾਨ ਜਿਲਾ ਰੋਪੜ੍ਹ (ਸ਼ਹਿਰੀ), ਸ੍ਰੀ ਰਜਿੰਦਰ ਕੁਮਾਰ ਪ੍ਰਧਾਨ ਰੋਪੜ੍ਹ (ਦਿਹਾਤੀ), ਸ਼੍ਰੀ ਦਿਨੇਸ਼ ਕੁਮਾਰ ਕਰੀਹਾ ਪ੍ਰਧਾਨ ਜਿਲਾ ਸ਼ਹੀਦ ਭਗਤ ਸਿੰਘ ਨਗਰ, ਗੋਬਿੰਦ ਸਿੰਘ ਰਾਮਨਗਰ ਸਿਬੀਆਂ ਪ੍ਰਧਾਨ ਜਿਲਾ ਸੰਗਰੂਰ (ਦਿਹਾਤੀ), ਜਗਤਾਰ ਸਿੰਘ ਧੂੰਦਾ ਪ੍ਰਧਾਨ ਜਿਲਾ ਤਰਨ ਤਾਰਨ ਦੇ ਨਾਮ ਸ਼ਾਮਲ ਹਨ। ਸੁਰਜੀਤ ਸਿੰਘ ਰਾਜਾ ਨੂੰ ਚੰਡੀਗੜ੍ਹ (ਯੂ.ਟੀ) ਦਾ ਐਸ.ਸੀ ਵਿੰਗ ਦਾ ਪ੍ਰਧਾਨ ਬਣਾਇਆ ਗਿਆ ਹੈ। ਜਿਹਨਾਂ ਆਗੂਆਂ ਨੂੰ ਹਲਕਾਵਾਰ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਸੰਦੀਪ ਸਿੰਘ ਪ੍ਰਧਾਨ ਹਲਕਾ ਅੰਮ੍ਰਿਤਸਰ (ਪੱਛਮੀ), ਬਲਜੀਤ ਸਿੰਘ ਲਾਲੀ ਪ੍ਰਧਾਨ ਹਲਕਾ ਅੰਮ੍ਰਿਤਸਰ (ਉਤਰੀ), ਸ਼੍ਰੀ ਪਵਨ ਗਿੱਲ ਪ੍ਰਧਾਨ ਹਲਾਕ ਅੰਮ੍ਰਿਤਸਰ (ਦੱਖਣੀ) ਅਤੇ ਜਗਚਾਨਣ ਸਿੰਘ ਗਿੱਲ ਪ੍ਰਧਾਨ ਹਲਕਾ ਅੰਮ੍ਰਿਤਸਰ (ਕੇਂਦਰੀ) ਦੇ ਨਾਮ ਸ਼ਾਮਲ ਹਨ।

## ਸਾਡੇ ਕਾਲਾਂਵਾਲੀ ਮੰਡੀ ਤੋਂ ਐਡਵੋਕੇਟ ਹੈਪੀ ਗਰਗ ਦੇ ਸਪੁੱਤਰ ਸ੍ਰੀ ਪੰਕਜ ਗਰਗ ਜੋ ਹੁਸ਼ਿਆਰਪੁਰ ਵਿਖੇ ਜੱਜ ਤਾਇਨਾਤ ਸਨ ਪਿਛਲੇ ਦਿਨੀ ਸਾਈਲੈਂਟ ਅਟੈਕ ਨਾਲ ਅਕਾਲ ਚਲਾਣਾ ਕਰ ਗਏ

# ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ







ਸਾਡੇ ਕਾਲਾਂਵਾਲੀ ਮੰਡੀ ਤੋਂ ਐਡਵੋਕੇਟ ਹੈਪੀ ਗਰਗ ਦੇ ਸਪੁੱਤਰ ਸ੍ਰੀ ਪੰਕਜ ਗਰਗ ਜੋ ਹੁਸ਼ਿਆਰਪੁਰ ਵਿਖੇ ਜੱਜ ਤਾਇਨਾਤ ਸਨ ਪਿਛਲੇ ਦਿਨੀ ਸਾਈਲੈਂਟ ਅਟੈਕ ਨਾਲ ਅਕਾਲ ਚਲਾਣਾ ਕਰ ਗਏ ਉਨਾਂ ਦੇ ਪਰਿਵਾਰ ਨਾਲ ਅਤੇ ਸਾਡੇ ਸ. ਬੰਤਾ ਸਿੰਘ ਵੜਿੰਗ ਪਿੰਡ ਜਲਾਲਆਣਾ ਨੌਜਵਾਨ ਭਤੀਜਾ ਜੋ ਪਟਿਆਲਾ ਵਿਖੇ ਐਕਸੀਡੈਂਟ ਹੋਣ ਨਾਲ ਅਕਾਲ ਚਲਾਣਾ ਕਰ ਗਿਆ ਸੀ ਉਨਾਂ ਦੇ ਪ੍ਰੀਵਾਰ ਨਾਲ ਅਫਸੋਸ ਕਰਨ ਲਈ ਅੱਜ ਉਨਾਂ ਦੇ ਗ੍ਰਹਿ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪੁੱਜੇ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਦੋ ਦਰਜਨ ਮੈਂਬਰ ਭਾਰਤੀ ਕਿਸਾਨ ਯੂਨੀਅਨ ਮਾਨਸਾ ਜਥੇਬੰਦੀ ਵਿੱਚ ਸ਼ਾਮਿਲ

# ਭਾਰਤੀ ਕਿਸਾਨ ਯੂਨੀਅਨ ਮਾਨਸਾ ਪੰਜਾਬ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 14 ਮਾਰਚ (ਮਨੋਹਰ ਲਾਲ) :— ਅੱਜ ਭਾਰਤੀ ਕਿਸਾਨ ਯੂਨੀਅਨ ਮਾਨਸਾ ਪੰਜਾਬ ਵੱਲੋਂ ਗੁਰੂ ਨਾਨਕ ਡੈਂਟਿੰਗ ਪੈਂਟਿੰਗ ਦੀ ਵਰਕਸ਼ਾਪ ਤੇ ਇੱਕ ਮੀਟਿੰਗ ਰੱਖੀ ਗਈ ਜਿਸ ਵਿੱਚ ਬੀਬਾ ਪਰਮਜੀਤ ਕੌਰ ਸਾਈਆ ਵਾਲਾ ਪੰਜਾਬ ਪ੍ਰਧਾਨ ਦੀ ਰਹਿਨੁਮਾਈ ਹੇਠ ਜਿਲਾ ਪ੍ਰਧਾਨ ਨਿਰਮਲ ਸਿੰਘ ਔਲਖ ਅਤੇ ਫਿਰੋਜ਼ਪੁਰ ਦੇ ਬਲਾਕ ਪ੍ਰਧਾਨ ਸਾਹਿਬ ਸਿੰਘ ਮੱਲੀ ਦੀ ਪ੍ਰੇਰਨਾ ਸਦਕਾ ਇੱਕ ਇਕਾਈ ਦਾ ਗਠਨ ਕੀਤਾ ਗਿਆ ਜਿਸ ਵਿੱਚ ਕਰੀਬ ਦੋ ਦਰਜਨ ਮੈਂਬਰਾਂ ਨੇ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀਆਂ ਗਤੀਵਿਧੀਆਂ ਤੋਂ ਖੁਸ਼ ਹੋ ਕੇ ਜਥੇਬੰਦੀ ਵਿੱਚ ਸ਼ਾਮਿਲ ਹੋਣ ਦਾ ਪ੍ਰਨ ਕੀਤਾ। ਇਸ ਮੌਕੇ ਸ਼ਾਮਿਲ ਹੋਏ ਮੈਂਬਰਾਂ ਨੂੰ ਜ਼ਿਲਾ ਪ੍ਰਧਾਨ ਅਤੇ ਬਲਾਕ ਪ੍ਰਧਾਨ ਨੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਅਤੇ ਜਥੇਬੰਦੀ ਦੀਆਂ ਕਾਰਗੁਜ਼ਾਰੀਆਂ ਬਾਰੇ ਚਾਨਣਾ ਪਾਇਆ। ਇਸ ਦੌਰਾਨ ਬੋਲਦਿਆਂ ਬਲਾਕ ਪ੍ਰਧਾਨ ਸਾਹਿਬ ਸਿੰਘ ਮੱਲੀ ਨੇ ਕਿਹਾ ਕਿ ਸਾਡੀ ਜਥੇਬੰਦੀ ਪਿਛਲੇ ਕਾਫੀ ਸਮੇਂ ਤੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਬਾਰੇ ਸੰਘਰਸ਼ ਕਰ ਰਹੀ ਹੈ ਅਤੇ ਕਰਦੀ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਜਥੇਬੰਦੀ ਨੇ ਨਾ ਕਿਸੇ ਨਾਲ ਧੱਕਾ ਕੀਤਾ ਹੈ ਅਤੇ ਨਾ ਧੱਕਾ ਕਰਨ ਦੇਣਾ ਹੈ। ਇਸ ਮੌਕੇ ਇਕਾਈ ਵਿੱਚ ਸ਼ਾਮਿਲ ਹੋਏ ਮੈਂਬਰਾਂ ਵਿੱਚ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਔਲਖ ਨੇ ਜਰਨੈਲ ਸਿੰਘ ਗਾਬੜੀਆ ਨੂੰ ਇਕਾਈ ਦਾ ਪ੍ਰਧਾਨ ਬਣਾਇਆ ਅਤੇ ਉਸ ਤੋਂ ਬਾਅਦ ਸਵਰਨ ਸਿੰਘ ਪੰਜਵੜ ਨੂੰ ਸੀਨੀਅਰ ਮੀਤ ਪ੍ਰਧਾਨ, ਬਾਬਾ ਬਲਕਾਰ ਸਿੰਘ ਨੂੰ ਮੀਤ ਪ੍ਰਧਾਨ, ਸੁਖਦੇਵ ਸਿੰਘ ਜਥੇਦਾਰ ਨੂੰ ਜਨਰਲ ਸਕੱਤਰ, ਹਰਭਜਨ ਸਿੰਘ ਦੜਿਆਲਾ ਨੂੰ ਪ੍ਰੈਸ ਸਕੱਤਰ, ਨਿਰਮਲ ਸਿੰਘ ਨਿੰਮਾ ਨੂੰ ਖਜਾਨਚੀ, ਅਮਰ ਸਿੰਘ ਨੂੰ ਮੀਤ ਪ੍ਰਧਾਨ, ਹਰਜਿੰਦਰ ਸਿੰਘ ਬੱਗਾ ਨੂੰ ਸਕੱਤਰ ਬਣਾਇਆ ਗਿਆ ਅਤੇ ਹੋਰ ਬਾਕੀ ਸ਼ਾਮਿਲ ਹੋਏ ਮੈਂਬਰਾਂ ਵਿੱਚ ਗੁਰਮੀਤ ਸਿੰਘ ਬੋਬੀ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਜਗਦੀਸ਼ ਸਿੰਘ, ਰਾਜਨ ਟੰਡਨ, ਕਮਲਪ੍ਰੀਤ ਸਿੰਘ, ਸਾਜਨ, ਸੁਰੇਸ਼ ਕੁਮਾਰ, ਬਲਦੇਵ ਸਿੰਘ, ਦੇਬੂ ਹਜਾਰਾ ਸਿੰਘ, ਚੰਦਰ ਮੋਹਨ ਚੋਪੜਾ, ਸ਼ਕਤੀ ਸਿੰਘ, ਅਮਰਜੀਤ ਸਿੰਘ, ਦਵਿੰਦਰ ਸਿੰਘ ਬਿੱਟੂ ਸਿੰਘ ਸਨ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੇ ਬਲਾਕ ਪ੍ਰਧਾਨ ਲਖਵਿੰਦਰ ਸਿੰਘ ਮਮਦੋਟ ਬਲਾਕ ਦੇ ਖਜਾਨਚੀ ਬੋਹੜ ਸਿੰਘ ਪੀਰੂ ਵਾਲਾ ਇਕਾਈ ਪ੍ਰਧਾਨ ਹਰਪਾਲ ਸਿੰਘ ਜਿਲਾ ਖਜਾਨਚੀ ਹਰਪਾਲ ਸਿੰਘ ਪੀਰੂ ਵਾਲਾ ਮੈਂਬਰ ਤਰਸੇਮ ਸਿੰਘ ਪੀਰੂਵਾਲਾ ਮੈਂਬਰ ਹਰਜਿੰਦਰ ਸਿੰਘ ਆਦਿ ਹਾਜਰ ਸਨ। ਇਸ ਮੌਕੇ ਇਕਾਈ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਕਿਹਾ ਕਿ ਮੈਂ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਦਿੱਤੀ ਹੋਈ ਜਿੰਮੇਵਾਰੀ ਲਈ ਜਥੇਬੰਦੀ ਦਾ ਧੰਨਵਾਦ ਕਰਦਾ ਹਾਂ ਅਤੇ ਦਿੱਤੀ ਹੋਈ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਮੈਂ ਅਤੇ ਮੇਰੇ ਸਾਥੀ ਇਨ੍ਹਾਂ ਨਾਲ ਹਰ ਵਕਤ ਮੋਢੇ ਨਾਲ ਮੋਢਾ ਜੋੜ ਕੇ ਖੜੇ ਹੋਵਾਂਗੇ।

# ਨਾਨਕਸ਼ਾਹੀ ਸੰਮਤ 558 ਦੇ ਆਗਮਨ ਮੌਕੇ ਬੱਲ ਮਲਕੀਤ ਸਿੰਘ ਵੱਲੋਂ ਸ਼ੁਭਕਾਮਨਾਵਾਂ



**ਚੌਕ ਮਹਿਤਾ, 14 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਐਗਜੀਕਿਊਟਿਵ ਚੇਅਰਮੈਨ ਬਲ ਮਲਕੀਤ ਸਿੰਘ ਵੱਲੋਂ ਸਮੂਹ ਸਿੱਖ ਧਰਮ ਅਤੇ ਸੰਸਾਰ ਭਰ ਵਿੱਚ ਵਸਦੇ ਸਿੱਖਾਂ ਨੂੰ ਨਾਨਕਸ਼ਾਹੀ ਸੰਮਤ 558 ਦੀ ਲੱਖ ਲੱਖ ਵਧਾਈ ਦਿੱਤੀ ਗਈ। ਉਹਨਾਂ ਵੱਲੋਂ ਸੰਸਾਰ ਭਰ ਵਿੱਚ ਵਸਦੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਇਸ ਮੌਕੇ ਨਾਨਕਸ਼ਾਹੀ ਸੰਮਤ 558 ਦੀ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਸੰਸਾਰ ਭਰ ਅੰਦਰ ਵਸਦਾ ਹਰ ਸਿੱਖ ਅਤੇ ਹਰ ਪੰਜਾਬੀ ਜੋ ਕਿ ਆਪਣੇ ਕਾਰ ਵਿਹਾਰ ਅਤੇ ਆਪਣੇ ਦਿਨ ਤਿਉਹਾਰ ਇਸ ਨਾਨਕਸ਼ਾਹੀ ਸੰਮਤ 558 ਮੁਤਾਬਕ ਮਨਾਉਣ ਦਾ ਯਤਨ ਕਰੇ ਅਤੇ ਪੰਜਾਬੀ ਅਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਦੀ ਕਾਮਨਾ ਕਰੇ। ਇਸ ਮੌਕੇ ਉਹਨਾਂ ਨੇ ਅਕਾਲ ਪੁਰਖ ਵਾਹਿਗੁਰੂ ਦਾ ਸ਼ੁਕਰਾਨਾ ਕਰਦੇ ਹੋਏ ਕਿਹਾ ਕਿ ਸੰਸਾਰ ਭਰ ਅੰਦਰ ਪੰਜਾਬੀ ਭਾਸ਼ਾ ਦੇ ਪਸਾਰ ਲਈ ਅਤੇ ਖਾਸ ਕਰ ਮਹਾਰਾਸ਼ਟਰ ਰਾਜ ਵਿੱਚ ਪੰਜਾਬੀ ਭਾਸ਼ਾ ਦੀ ਚੜਦੀ ਕਲਾ ਅਤੇ ਇਸ ਦੇ ਮਾਨ ਸਨਮਾਨ ਲਈ ਸਰਕਾਰ ਨਾਲ ਮਿਲ ਕੇ ਕਾਰਜ ਕੀਤੇ ਜਾ ਰਹੇ ਹਨ ਅਤੇ ਸਰਕਾਰ ਦੁਆਰਾ ਵੀ ਇਹ ਨਿਸ਼ਿਚਤ ਕੀਤਾ ਜਾ ਰਿਹਾ ਹੈ ਕਿ ਸਮੁੱਚੇ ਮਹਾਰਾਸ਼ਟਰ ਰਾਜ ਅੰਦਰ ਪੰਜਾਬੀ ਪਰਿਵਾਰਾਂ ਅਤੇ ਉਹਨਾਂ ਦੇ ਅਧਿਕਾਰਾਂ ਦੀ ਰਾਖੀ ਲਈ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਪੰਜਾਬੀ ਪਰਿਵਾਰ ਮਹਾਰਾਸ਼ਟਰ ਰਾਜ ਅੰਦਰ ਆਪਣਾ ਸਿਰ ਉੱਚਾ ਰੱਖ ਸਕਣ ਅਤੇ ਇਹਨਾਂ ਉਪਰਾਲਿਆਂ ਨੂੰ ਨੇਪਰੇ ਚੜ੍ਹਾਉਣ ਲਈ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕੈਡਮੀ ਵੱਲੋਂ ਵੀ ਸਰਕਾਰ ਦਾ ਪੁਰਜ਼ੋਰ ਸਹਿਯੋਗ ਕੀਤਾ ਜਾ ਰਿਹਾ ਹੈ।

# ਜਨਤਾ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੀ ਪ੍ਰਕ੍ਰਿਆ ਨੂੰ ਸਰਕਲ ਬਣਾਇਆ ਜਾਵੇ—ਭਾਈ ਜ਼ਸਪਾਲ ਸਿੰਘ



ਫ਼ਿਰੋਜ਼ਪੁਰ, 14 ਮਾਰਚ (ਮਨੋਹਰ ਲਾਲ) :— ਸਰਕਾਰਾਂ ਵੱਲੋਂ ਐਲਾਨੀਆਂ ਜਨਤਾ ਲਈ ਸਹੂਲਤਾਂ ਦੀਆਂ ਸਕੀਮਾਂ ਦੀ ਪ੍ਰਕ੍ਰਿਆ ਨੂੰ ਸਰਕਲ ਤੇ ਸੌਖਾ ਬਣਾਇਆ ਜਾਵੇ ਤਾਂ ਜ਼ੋ ਹਰੇਕ ਲਾਭਪਾਤਰੀ ਇਸ ਦਾ ਫਾਇਦਾ ਉਠਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਉੱਘੀ ਸਮਾਜ ਸੇਵੀ ਸੰਸਥਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਨੇ ਜਾਰੀ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਨੋਟਿਸ ਵਿਚ ਆਇਆ ਹੈ ਕਿ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੀ ਸ਼ਰਤਾਂ ਇੰਨੀਆਂ ਕਠਨ ਹੁੰਦੀਆਂ ਹਨ ਜਿਸ ਨੂੰ ਹਰੇਕ ਨਾਗਰਿਕ ਜਲਦੀ ਪੂਰੀਆਂ ਹੀ ਨਹੀਂ ਕਰ ਸਕਦਾ, ਜਿਸ ਦਾ ਸਿੱਟਾ ਇਹ ਨਿਕਲਦਾ ਹੈ ਕਿ ਉਹ ਲਾਭਪਾਤਰੀ ਇਨ੍ਹਾਂ ਸਹੂਲਤਾਂ ਦਾ ਫਾਇਦਾ ਹੀ ਨਹੀਂ ਉਠਾ ਸਕਦਾ। ਭਾਈ ਜ਼ਸਪਾਲ ਸਿੰਘ ਨੇ ਅੱਗੇ ਕਿਹਾ ਕਿ ਹਾਲ ਹੀ ਵਿਚ ਸਰਕਾਰ ਵੱਲੋਂ ਐਲਾਨੀ ਬੀਬੀਆਂ ਦੀ ਮਹੀਨਾ ਵਾਰੀ 1000 ਰੁਪਏ ਅਤੇ 1500 ਰੁਪਏ ਦੀ ਰਕਮ ਦੀ ਵਿਧੀ ਸਰਕਾਰ ਸਪੱਸ਼ ਟਕਰੇ ਕਿ ਇਸ ਦੀ ਪ੍ਰਾਪਤੀ ਲਈ ਵਿਧੀ ਕੀ ਹੈ? ਉਨ੍ਹਾਂ ਕਿਹਾ ਕਿ ਇਸ ਰਕਮ ਦੀ ਪ੍ਰਾਪਤੀ ਲਈ ਵਿਧੀ ਸਰਲ ਹੋਣੀ ਚਾਹੀਦੀ ਹੈ ਤਾਂ ਜ਼ੋ ਹਰੇਕ ਔਰਤ ਇਸ ਦਾ ਫਾਇਦਾ ਉਠਾ ਸਕੇ। ਭਾਈ ਜ਼ਸਪਾਲ ਸਿੰਘ ਨੇ ਅੱਗੇ ਕਿਹਾ ਕਿ 10 ਲੱਖ ਦੇ ਮੁਫਤ ਇਲਾਜ ਲਈ ਵੀ ਜਨਦਾ ਵਿਚ ਭੰਬਲਭੂਸੇ ਵਾਲੀ ਸਥਿਤੀ ਬਣੀ ਹੋਈ ਹੈ, ਜਿਸ ਨੂੰ ਤੁਰੰਤ ਜਨਤਾ ਵਿਚ ਸਪੱਸ਼ਟ ਕਰਨਾ ਚਾਹੀਦਾ ਹੈ। ਇਸ ਸਮੇਂ ਉਨ੍ਹਾਂ ਨਾਲ ਸਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸ੍ਰਿੱਧ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਉਡੀਕ ਸਿੰਘ ਕੁੰਡੇ, ਮਨਜੀਤ ਸਿੰਘ ਔਲਖ, ਗੁਰਦਰਸ਼ਨ ਸਿੰਘ ਬੌਬੀ, ਕੁਲਦੀਪ ਸਿੰਘ ਲੋਕੋ, ਕੁਲਦੀਪ ਸਿੰਘ ਨੰਢਾ, ਕਿਰਨਦੀਪ ਸਿੰਘ ਪੱਲ੍ਹਾ, ਸੁਰਜੀਤ ਸਿੰਘ ਸੰਧੂ, ਮਿਹਰ ਸਿੰਘ, ਰਣਜੀਤ ਸਿੰਘ ਬਬਲੂ ਸਮੇਤ ਕਈ ਆਗੂ ਹਾਜ਼ਰ ਸਨ।

# ਲੋਕ ਅਦਾਲਤ ਵਿੱਚ ਨਵਿਤਾ ਸਿੰਘਲ ਨੇ ਨਿਭਾਈ ਸਰਗਰਮ ਭੂਮਿਕਾ, ਦੋ ਸਾਲਾਂ ਤੋਂ ਦੇ ਰਹੀਆਂ ਸੇਵਾਵਾਂ



ਫ਼ਿਰੋਜ਼ਪੁਰ, 14 ਮਾਰਚ (ਮਨੋਹਰ ਲਾਲ) :— ਫਿਰੋਜ਼ਪੁਰ ਵਿੱਚ ਆਯੋਜਿਤ ਲੋਕ ਅਦਾਲਤ ਵਿੱਚ ਸਮਾਜ ਸੇਵੀ ਨਵਿਤਾ ਸਿੰਘਲ ਜੋ ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਦੀ ਜੌਇੰਟ ਚੇਅਰਮੈਨ ਹਨ ਨੇ ਮੈਂਬਰ ਵਜੋਂ ਹਿੱਸਾ ਲੈਂਦੇ ਹੋਏ ਆਪਣੀ ਸਰਗਰਮ ਭੂਮਿਕਾ ਨਿਭਾਈ। ਉਹ ਕਾਫ਼ੀ ਸਮੇਂ ਤੋਂ ਸਮਾਜਿਕ ਕਾਰਜਾਂ ਵਿੱਚ ਵੀ ਲਗਾਤਾਰ ਯੋਗਦਾਨ ਪਾ ਰਹੀਆਂ ਹਨ।

ਲੋਕ ਅਦਾਲਤ ਦੀ ਕਾਰਵਾਈ ਦੌਰਾਨ ਨਵਿਤਾ ਸਿੰਘਲ ਨੇ ਵੱਖ—ਵੱਖ ਮਾਮਲਿਆਂ ਦੀ ਸੁਣਵਾਈ ਵਿੱਚ ਹਿੱਸਾ ਲਿਆ ਅਤੇ ਪੱਖਕਾਰਾਂ ਨੂੰ ਆਪਸੀ ਸਹਿਮਤੀ ਅਤੇ ਸਮਝੌਤੇ ਰਾਹੀਂ ਵਿਵਾਦਾਂ ਦਾ ਹੱਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਲੋਕਾਂ ਨੂੰ ਤੁਰੰਤ, ਆਸਾਨ ਅਤੇ ਘੱਟ ਖਰਚ ਵਿੱਚ ਨਿਆਂ ਪ੍ਰਾਪਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਹੈ, ਜਿਸ ਨਾਲ ਆਮ ਲੋਕਾਂ ਨੂੰ ਅਦਾਲਤਾਂ ਦੀ ਲੰਮੀ ਅਤੇ ਜਟਿਲ ਪ੍ਰਕਿਰਿਆ ਤੋਂ ਰਾਹਤ ਮਿਲਦੀ ਹੈ। ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕਈ ਪੁਰਾਣੇ ਮਾਮਲਿਆਂ ਦਾ ਨਿਪਟਾਰਾ ਆਪਸੀ ਸਮਝੌਤੇ ਨਾਲ ਕੀਤਾ ਜਾਂਦਾ ਹੈ, ਜਿਸ ਨਾਲ ਨਾ ਸਿਰਫ਼ ਲੋਕਾਂ ਦਾ ਸਮਾਂ ਅਤੇ ਪੈਸਾ ਬਚਦਾ ਹੈ, ਸਗੋਂ ਆਪਸੀ ਭਾਈਚਾਰਾ ਵੀ ਬਣਿਆ ਰਹਿੰਦਾ ਹੈ। ਗੌਰਤਲਬ ਹੈ ਕਿ ਨਵਿਤਾ ਸਿੰਘਲ ਪਿਛਲੇ ਲਗਭਗ ਦੋ ਸਾਲਾਂ ਤੋਂ ਲਗਾਤਾਰ ਲੋਕ ਅਦਾਲਤ ਦੀ ਕਾਰਵਾਈ ਵਿੱਚ ਹਿੱਸਾ ਲੈ ਰਹੀਆਂ ਹਨ ਅਤੇ ਮੈਂਬਰ ਵਜੋਂ ਆਪਣੀਆਂ ਸੇਵਾਵਾਂ ਦੇ ਰਹੀਆਂ ਹਨ।

ਸਮਾਜਸੇਵਾ ਦੇ ਖੇਤਰ ਵਿੱਚ ਵੀ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਰਹੀ ਹੈ ਅਤੇ ਉਹ ਵੱਖ—ਵੱਖ ਸਮਾਜਿਕ ਗਤੀਵਿਧੀਆਂ ਵਿੱਚ ਵਧ—ਚੜ੍ਹ ਕੇ ਯੋਗਦਾਨ ਪਾਉਂਦੀਆਂ ਰਹਿੰਦੀਆਂ ਹਨ। ਲੋਕ ਅਦਾਲਤ ਵਿੱਚ ਉਨ੍ਹਾਂ ਦੀ ਭਾਗੀਦਾਰੀ ਨੂੰ ਉੱਥੇ ਮੌਜੂਦ ਲੋਕਾਂ ਨੇ ਸਰਾਹਿਆ ਅਤੇ ਇਸਨੂੰ ਸਮਾਜ ਅਤੇ ਨਿਆਂ ਪ੍ਰਣਾਲੀ ਲਈ ਇੱਕ ਸਕਾਰਾਤਮਕ ਪਹਿਲ ਕਿਹਾ।

ਆਵਾਜ਼ਿ ਕੌਮ AWAZE QAUM

**ਬਾਬਾ ਬਕਾਲਾ ਸਾਹਿਬ ਵਿੱਚ ਨੈਸ਼ਨਲ ਲੋਕ ਅਦਾਲਤ ਚ ਹੋਇਆ 333 ਕੇਸਾਂ ਦਾ ਨਿਪਟਾਰਾ**

# 15 ਕਰੋੜ 31 ਲੱਖ 11 ਹਜਾਰ 826 ਰੁਪਏ ਦੇ ਅਵਾਰਡ ਪਾਸ










**ਚੌਕ ਮਹਿਤਾ, 14 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀਮਤੀ ਜਤਿੰਦਰ ਕੌਰ ਜਿਲਾ ਸੇਸ਼ਨਜ ਜੱਜ- ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਦਿਵਾਨੀ ਅਤੇ ਫੌਜ਼ਦਾਰੀ ਕੇਸਾ ਤੋ ਇਲਾਵਾ ਚੈਕ ਬਾਉਂਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜੀਆਂ , ਟ੍ਰੈਫਿਕ ਚਲਾਨ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਸਰਦਾਰ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਜੀ ਦੀਆ ਅਦਾਲਤਾ ਵੱਲੋਂ ਕੁੱਲ 421 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 333 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ ਅਤੇ 15 ਕਰੋੜ 31 ਲੱਖ 11 ਹਜਾਰ 826 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਦੋਰਾਨ ਸਰਦਾਰ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਵੱਲੋਂ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕੀ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ। ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ। ਜਿਹੜੇ ਵਿਅਕਤੀ ਆਪਣੇ ਸਮਝੌਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ ਵਿੱਚ ਜਿੱਥੇ ਉਨਾਂ ਦਾ ਕੇਸ ਲੰਭਿਤ ਹੈ, ਆਪਣੀ ਅਰਜ਼ੀ ਲਗਾਂ ਸਕਦੇ ਹਨ ਜਾਂ ਨਵੇ ਮਾਮਲੀਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਾਂ ਉਪ ਮੰਡਲ ਕਾਨੂੰਨੀ ਸੇਵਾਵਾਂ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜ਼ੀ ਦੇ ਸਕਦੇ ਹਨ ਉਹਨਾ ਹੋਰ ਕਿਹਾ ਕਿ ਲੋਕ ਅਦਾਲਤ ਜਿਸ ਨੂੰ ਦੁਜੇ ਸ਼ਬਦਾ ਵਿੱਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ, ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਪੇਸ਼ ਕਰ ਸਕਦੇ ਹਨ ਅਤੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਹਨਾ ਦਾ ਕੇਸ ਲੰਭਿਤ ਹੈ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਅਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ ਵਿੱਚ ਮੁੱਕਾ ਸਕਦੇ ਹਨ। ਇਸ ਤਰ੍ਹਾਂ ਜਦੋਂ ਸ਼ਾਂਤ-ਮਈ ਢੰਗ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ ਤਾਂ ਸਮਾਜ ਵਿੱਚ ਭਾਈਚਾਰਕ ਸਾਂਝ ਬਣੀ ਰਹਿੰਦੀ ਹੈ ਅਤੇ ਲੋਕਾਂ ਦਾ ਆਪਸ ਵਿੱਚ ਪਿਆਰ ਵੱਧਦਾ ਹੈ । ਇਸ ਤਰਾ ਅਦਾਲਤਾ ਦਾ ਵੀ ਵਾਧੂ ਦੇ ਝਗੜਿਆ ਦਾ ਬੋਝ ਘੱਟਦਾ ਹੈ, ਲੋਕ ਅਦਾਲਤਾਂ ਵਿੱਚ ਫੈਸਲਾ ਹੋਣ ਉਪਰੰਤ ਸਿਵਲ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਧਿਰਾਂ ਨੂੰ ਵਾਪਸ ਮਿਲ ਜਾਂਦੀ ਹੈ। ਇਸ ਦੇ ਨਾਲ ਲੋਕ ਅਦਾਲਤਾਂ ਦੇ ਮੁੱਢਲੇ ਟੀਚੇ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਸਮਝੌਤਿਆ ਰਾਹੀਂ ਝਗੜੀਆਂ ਦਾ ਨਿਪਟਾਰਾ ਕਰਨਾ ਨੂੰ ਪੂਰਾ ਕੀਤਾ ਗਿਆ। ਜਿਸ ਕਾਰਨ ਪਾਰਟੀਆਂ ਦਾ ਕੀਮਤੀ ਸਮਾਂ ਅਤੇ ਪੈਸੇ ਦੀ ਬਚਤ ਹੋਈ। ਇਸ ਮੌਕੇ ਅਦਾਲਤੀ ਸਟਾਫ ਵਿੱਚ ਰੀਡਰ ਰਕੇਸ਼ ਕੁਮਾਰ, ਸਟੈਨੋ ਕਰਨ ਭੰਗਚਿੜੀ , ਨਾਜਰ ਧਰਮਪਾਲ ਸਿੰਘ ਗਡਵਾਲ , ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਅਹੈਲਮਦ ਜੋਬਨਜੀਤ ਸਿੰਘ, ਅਹੈਲਮਦ ਮਮਤਾ ਰਾਣੀ , ਸਟੈਨੋ ਨਰੇਸ਼ ਕੁਮਾਰ, ਸਟੈਨੋ ਗੁਰਮੁੱਖ ਸਿੰਘ, ਰੀਡਰ ਗੋਵਿੰਦ ਰਾਏ , ਰੀਡਰ ਗੁਰਵਿੰਦਰ ਸਿੰਘ ਲਾਡੀ ਸੈਸਰਾ , ਸਟੈਨੋ ਸੋਨੂੰ ਕੁਮਾਰ, ਜੱਜਮੈਂਟ ਰਾਈਟਰ ਕਮਲ ਕਟਾਰੀਆ, ਸਟੈਨੋ ਸਿਮਰਨਜੀਤ ਕੌਰ, ਹਰਵਿੰਦਰ ਸਿੰਘ, ਸਟੈਨੋ ਜੋਤੀ ਰਾਣੀ , ਜੱਜਮੈਂਟ ਰਾਈਟਰ ਜੁਸ਼ਾਨ ,ਗੁਰਦੇਵ ਸਿੰਘ, ਜਗਮੀਤ ਸਿੰਘ , ਪ੍ਰਦੀਪ ਸਿੰਘ, ਐਹਲਮਦ ਲਵ ਸ਼ਰਮਾ ਸਿਵਲ , ਅਹੈਲਮਦ ਲਵਪ੍ਰੀਤ ਸਿੰਘ, ਐਹਲਮਦ ਪ੍ਰਵੀਨ ਕੌਰ, ਗੁਰਪ੍ਰੀਤ ਕੌਰ ਸ਼ਰਮਾ ,ਜੀਨੀਆ , ਵੋਹਰਾ , ਚੋਧਰੀ ਅਸ਼ਵਨੀ ਕੁਮਾਰ, ਰੀਡਰ ਪਵਨ ਕੁਮਾਰ, ਮਨਜਿੰਦਰ ਸਿੰਘ ਮੋਨੂੰ , ਇਕਬਾਲ ਸਿੰਘ , ਪ੍ਰਕਾਸ਼ ਰਾਵਤ ਜਜਮੈਂਟ ਰਾਈਟਰ, ਨਾਇਬ ਕੋਰਟ ਥਾਣੇਦਾਰ ਬਲਵਿੰਦਰ ਸਿੰਘ, ਨਾਇਬ ਕੋਰਟ ਥਾਣੇਦਾਰ ਨਿਰਮਲ ਸਿੰਘ ਅਤੇ ਨਾਇਬ ਕੋਰਟ ਥਾਣੇਦਾਰ ਬਲਜਿੰਦਰ ਸਿੰਘ ਤੋ ਇਲਾਵਾ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਵਕੀਲ ਸਾਹਿਬਾਨ ਵੀ ਹਾਜ਼ਰ ਸਨ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਚੇਤਰ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ







**ਫ਼ਿਰੋਜ਼ਪੁਰ, 14 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਚੇਤਰ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜੜ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ, ਢਾਡੀ ਜਥਾ ਭਾਈ ਬੋਹੜ ਸਿੰਘ ਬਾਰੇਕੇ ਨੇ ਹਾਜ਼ਰੀ ਲੁਆਈ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਭ ਤੋਂ ਪਹਿਲਾਂ ਚੇਤਰ ਮਹੀਨੇ ਦਾ ਨਾਨਕਸ਼ਾਹੀ 558 ਸਾਲ ਅਤੇ ਸਿੱਖਾਂ ਦਾ ਨਵੇਂ ਸਾਲ ਦੀਆਂ ਸਮੂਹ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ—ਲੱਖ ਵਧਾਈ ਦਿੱਤੀ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਨਵਾਂ ਸਾਲ ਸਭ ਲਈ ਖੁਸ਼ੀਆਂ ਲੈ ਕੇ ਆਵੇ ਅਤੇ ਜਿਹੜਾ ਜੰਗ ਵਾਲਾ ਮਾਹੌਲ ਈਰਾਨ ਅਤੇ ਹੋਰ ਦੇਸ਼ਾਂ ਨਾਲ ਚੱਲ ਰਿਹਾ ਹੈ ਸ਼ਾਂਤ ਹੋਵੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ। ਉਨ੍ਹਾਂ ਸੰਤਸੰਗ ਵਿਚ ਆਉਣ ਬਾਰੇ ਵਿਸ਼ਵਾਮਿੱਤਰ ਦੀ ਕਥਾ ਸੁਣਾਉਂਦਿਆਂ ਕਿਹਾ ਕਿ ਵਿਸ਼ਵਾਮਿੱਤਰ ਨੇ ਇਕ ਹਜ਼ਾਂਰ ਸਾਲ ਤਪਸਿਆ ਕੀਤੀ ਸੀ, ਪਰ ਵਿਸ਼ਵਾਮਿੱਤਰ ਨੂੰ ਬਹੁਤ ਹੀ ਹੰਕਾਰ ਹੋ ਗਿਆ। ਉਨ੍ਹਾਂ ਇਕ ਘੜੀ ਸਤਸੰਗ ਬਾਰੇ ਸੁਣਿਆ ਕਿ ਇਕ ਘੜੀ ਸਤਸੰਗ ਸੁਣਨ ਨਾਲ ਵੀ ਮਨੁੱਖ ਦੀ ਚਰਾਸੀ ਕੱਟੀ ਜਾਂਦੀ ਹੈ ਅਤੇ ਉਸ ਨੇ ਹੰਕਾਰ ਵਿਚ ਕਿਹਾ ਕਿ ਮੈਂ ਤਾਂ ਇਕ ਹਜ਼ਾਰ ਸਾਲ ਤਪਸਿਆ ਕੀਤੀ ਹੈ ਅਤੇ ਮਨੁੱਖ ਸੱਚੇ ਮਨ ਨਾਲ ਇਕ ਘੜੀ ਸੰਤਸੰਗ ਸੁਣਨ ਨਾਲ ਚੁਰਾਸੀ ਕੱਟੀ ਜਾਂਦੀ ਹੈ। ਇਸ ਬਾਰੇ ਉਨ੍ਹਾਂ ਇਹ ਫੈਸਲਾ ਲੈਣ ਲਈ ਬ੍ਰਹਮਾ, ਵਿਸ਼ਨੂੰ, ਮਹੇਸ਼ ਕੋਲ ਵਾਰੋ ਵਾਰੀ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਫੈਸਲਾ ਸ਼ੇਸ਼ਨਾਗ ਹੀ ਕਰ ਸਕਦਾ ਹੈ ਤਾਂ ਵਿਸ਼ਵ ਨਾਥ ਸ਼ੇਸ਼ਨਾਗ ਕੋਲ ਗਿਆ ਅਤੇ ਉਨ੍ਹਾਂ ਨੂੰ ਇਸ ਬਾਰੇ ਪ੍ਰਸ਼ਟ ਕੀਤਾ ਕਿ ਪਰ ਸੇਸ਼ਨਾਗ ਨੇ ਕਿਹਾ ਕਿ ਹੇ ਵਿਸ਼ਵਾਮਿੱਤਰ ਮੈਂ ਤੁਹਾਡੀ ਸਮੱਸਿਆ ਦਾ ਹੱਲ ਕਰ ਸਕਦਾ ਹਾਂ, ਪਰ ਮੈਂ ਸਾਰੀ ਧਰਤੀ ਦਾ ਬੋਝ ਮੇਰੇ ਸਿਰ ਤੇ ਹੈ ਜੇਕਰ ਤੁਸੀਂ ਇਕ ਘੜੀ ਮੇਰਾ ਇਹ ਬੋਝ ਚੁੱਕ ਲਉ ਤਾਂ ਅਤੇ ਵਿਸ਼ਵਾ ਮਿੱਤਰ ਬੋਝ ਚੁੱਕਣ ਦੀ ਕੋਸ਼ਿਸ਼ ਕੀਤੀ ਪਰ ਨਹੀਂ ਚੁੱਕ ਸਕਿਆ ਅਤੇ ਉਨ੍ਹਾਂ ਨੂੰ ਇਕ ਘੜੀ ਸੰਤਸੰਗ ਦਾ ਉੱਤਰ ਮਿਲ ਗਿਆ। ਇਸ ਤਰ੍ਹਾਂ ਵਿ.ਵਾ ਮਿੱਤਰ ਹੰਕਾਰੀ ਹੋਣ ਕਰਕੇ ਹਰ ਕਿਸੇ ਨੂੰ ਸਰਾਪ ਦਿੰਦਾ ਸੀ, ਇਸੇ ਰਾਜਾ ਹਰੀ ਚੰਦ ਦੀ ਧਰਮ ਦੀ ਪ੍ਰੀਖਿਆ ਲਈ ਸੀ, ਜਿਸ ਵਿਚ ਹਰੀ ਚੰਦ ਕਾਮਯਾਬ ਹੋ ਗਿਆ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਿਹਾ ਕਿ ਸਾਨੂੰ ਹਮੇਸ਼ਾ ਸੰਤਸੰਗ ਵਿਚ ਜਾਣਾ ਚਾਹੀਦਾ ਹੈ, ਸੰਤਸੰਗ ਵਿਚ ਜਾਣ ਨਾਲ ਤੁਹਾਡੀ ਚੁਰਾਸੀ ਕੱਟੀ ਜਾਣੀ ਹੈ ਅਤੇ ਦੁੱਖਾਂ—ਕਲੇਸ਼ਾਂ ਦਾ ਨਾਸ਼ ਹੁੰਦਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

**ਜਸਟਿਸ ਰੋਹਿਤ ਕਪੂਰ ਵੱਲੋਂ ਅਦਾਲਤਾਂ ਅਤੇ ਸੈਂਟ੍ਰਲ ਜੇਲ੍ਹ ਦਾ ਨਿਰੀਖਣ**

# ਰਾਸ਼ਟਰੀ ਲੋਕ ਅਦਾਲਤ ਵਿੱਚ 33,393 ਕੇਸਾਂ ਦਾ ਵੱਡਾ ਨਿਪਟਾਰਾ ਕੀਤਾ ਗਿਆ

**ਜੰਡਿਆਲਾ ਗੁਰੂ 14 ਮਾਰਚ ( ਕੁਲਵੰਤ ਸਿੰਘ ਵਿਰਦੀ )**-ਮਾਨਯੋਗ ਜਸਟਿਸ ਰੋਹਿਤ ਕਪੂਰ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪ੍ਰਸ਼ਾਸਕੀ ਜੱਜ, ਸੈਸ਼ਨ ਡਿਵੀਜ਼ਨ ਅੰਮ੍ਰਿਤਸਰ ਵੱਲੋਂ ਅੱਜ ਅਦਾਲਤਾਂ ਅਤੇ ਸੈਂਟ੍ਰਲ ਜੇਲ੍ਹ ਅੰਮ੍ਰਿਤਸਰ ਦਾ ਸਾਲਾਨਾ ਨਿਰੀਖਣ ਕੀਤਾ ਗਿਆ।ਦੌਰੇ ਦੌਰਾਨ ਸੈਂਟ੍ਰਲ ਜੇਲ੍ਹ ਅੰਮ੍ਰਿਤਸਰ ਦਾ ਵਿਸਥਾਰ ਨਾਲ ਨਿਰੀਖਣ ਕੀਤਾ ਗਿਆ। ਇਸ ਮੌਕੇ ਮਾਨਯੋਗ ਜਸਟਿਸ ਰੋਹਿਤ ਕਪੂਰ ਨੇ ਕੈਦੀਆਂ ਦੀ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ **ਟੈਲੀਮੇਡੀਸਨ ਸਹੂਲਤ** ਦਾ ਉਦਘਾਟਨ ਕੀਤਾ, ਜਿਸ ਰਾਹੀਂ ਬਿਮਾਰ ਕੈਦੀਆਂ ਨੂੰ ਡਿਜ਼ਿਟਲ ਮਾਧਿਅਮ ਰਾਹੀਂ ਡਾਕਟਰੀ ਸਲਾਹ ਮਿਲ ਸਕੇਗੀ। ਜੇਲ੍ਹ ਹਸਪਤਾਲ ਦਾ ਵੀ ਨਿਰੀਖਣ ਕਰਕੇ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਸਮੀਖਿਆ ਕੀਤੀ ਗਈ। ਮਾਨਯੋਗ ਜਸਟਿਸ ਰੋਹਿਤ ਕਪੂਰ ਨੇ ਕੈਦੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਧਿਆਨ ਨਾਲ ਸੁਣੀਆਂ। ਸੰਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਮਸਲਿਆਂ ਦੀ ਜਾਂਚ ਕਰਕੇ ਉਚਿਤ ਕਾਰਵਾਈ ਕਰਨ ਲਈ ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ ਜੇਲ੍ਹ ਫੈਕਟਰੀ ਦਾ ਵੀ ਨਿਰੀਖਣ ਕਰਕੇ ਮਸ਼ੀਨਰੀ ਅਤੇ ਕੈਦੀਆਂ ਵੱਲੋਂ ਕੀਤੀਆਂ ਜਾ ਰਹੀਆਂ ਵੋਕੇਸ਼ਨਲ ਗਤੀਵਿਧੀਆਂ ਦੀ ਸਮੀਖਿਆ ਕੀਤੀ ਗਈ।ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦੇਣ ਲਈ ਮਾਨਯੋਗ ਜਸਟਿਸ ਰੋਹਿਤ ਕਪੂਰ ਵੱਲੋਂ ਜੇਲ੍ਹ ਪ੍ਰਿਸਰ ਵਿੱਚ ਇੱਕ ਪੌਧਾ ਵੀ ਲਗਾਇਆ ਗਿਆ ਅਤੇ **"ਹਰ ਇਕ ਵਿਅਕਤੀ ਇੱਕ ਪੌਧਾ ਲਗਾਓ"** ਦਾ ਸੰਦੇਸ਼ ਦਿੱਤਾ ਗਿਆ।ਇਸ ਤੋਂ ਬਾਅਦ ਮਾਨਯੋਗ ਜਸਟਿਸ ਰੋਹਿਤ ਕਪੂਰ ਨੇ ਰਾਸ਼ਟਰੀ ਲੋਕ ਅਦਾਲਤ ਵਿੱਚ ਪੇਸ਼ ਹੋਏ ਮੁਕੱਦਮਿਆਂ ਦੇ ਪੱਖਕਾਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆਪਸੀ ਸਹਿਮਤੀ ਨਾਲ ਵਿਵਾਦਾਂ ਦੇ ਨਿਪਟਾਰੇ ਲਈ ਪ੍ਰੇਰਿਤ ਕੀਤਾ। ਇਸ ਦੌਰਾਨ **ਮਿਸ ਅਮਨ ਸ਼ਰਮਾ, ਐਡਿਸ਼ਨਲ ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ ਅੰਮ੍ਰਿਤਸਰ** ਦੀ ਬੈਂਚ ਅੱਗੇ ਲੱਗੇ ਇੱਕ ਮਾਮਲੇ ਨੂੰ ਮਾਨਯੋਗ ਜਸਟਿਸ ਰੋਹਿਤ ਕਪੂਰ ਦੀ ਨਿੱਜੀ ਦਖਲਅੰਦਾਜ਼ੀ ਨਾਲ ਸਫਲਤਾਪੂਰਵਕ ਨਿਪਟਾਇਆ ਗਿਆ। ਇਸੇ ਤਰ੍ਹਾਂ **ਸ਼੍ਰੀ ਪਲਵਿੰਦਰ ਸਿੰਘ, ਏਸੀਜੇ (ਸੀਨੀਅਰ ਡਿਵੀਜ਼ਨ), ਅਜਨਾਲਾ** ਦੀ ਬੈਂਚ ਅੱਗੇ ਲੱਗੇ ਦੋ ਲੋਨ ਰਿਕਵਰੀ ਮਾਮਲੇ, ਜਿਨ੍ਹਾਂ ਦੀ ਕੁੱਲ ਰਕਮ **29 ਲੱਖ ਰੁਪਏ** ਸੀ, ਨੂੰ ਲੋਕ ਅਦਾਲਤ ਦੌਰਾਨ **14 ਲੱਖ ਰੁਪਏ** ਵਿੱਚ ਸਮਝੌਤੇ ਨਾਲ ਨਿਪਟਾਇਆ ਗਿਆ। ਇੱਕ ਹੋਰ ਲੋਨ ਮਾਮਲਾ ਜਿਸ ਦੀ ਰਕਮ **14 ਲੱਖ ਰੁਪਏ** ਸੀ, ਮਾਨਯੋਗ ਜਸਟਿਸ ਰੋਹਿਤ ਕਪੂਰ ਦੀ ਦਖਲ ਨਾਲ **4 ਲੱਖ ਰੁਪਏ** ਵਿੱਚ ਫੁੱਲ ਐਂਡ ਫਾਈਨਲ ਸੈਟਲਮੈਂਟ ਰਾਹੀਂ ਨਿਪਟਾਇਆ ਗਿਆ।ਰਾਸ਼ਟਰੀ ਲੋਕ ਅਦਾਲਤ ਦੇ ਮੌਕੇ 'ਤੇ ਸੈਸ਼ਨ ਡਿਵੀਜ਼ਨ ਅੰਮ੍ਰਿਤਸਰ ਵਿੱਚ ਕੁੱਲ **46 ਬੈਂਚਾਂ** ਬਣਾਈਆਂ ਗਈਆਂ। ਇਨ੍ਹਾਂ ਵਿੱਚੋਂ **37 ਬੈਂਚਾਂ ਅੰਮ੍ਰਿਤਸਰ ਹੈੱਡਕੁਆਰਟਰ 'ਤੇ** ਬਣਾਈਆਂ ਗਈਆਂ, ਜਿਨ੍ਹਾਂ ਵਿੱਚ **35 ਜੂਡੀਸ਼ਲ ਕੋਰਟਾਂ ਦੀਆਂ ਬੈਂਚਾਂ, 1 ਇੰਡਸਟਰੀਅਲ ਟ੍ਰਿਬਿਊਨਲ-ਕਮ-ਲੇਬਰ ਕੋਰਟ ਅਤੇ 1 ਪਰਮਾਨੈਂਟ ਲੋਕ ਅਦਾਲਤ ** ਦੀ ਬੈਂਚ ਸ਼ਾਮਲ ਸੀ। ਇਸ ਤੋਂ ਇਲਾਵਾ **5 ਬੈਂਚਾਂ ਅਜਨਾਲਾ ਅਤੇ 4 ਬੈਂਚਾਂ ਬਾਬਾ ਬਕਾਲਾ ਸਾਹਿਬ ਵਿੱਚ** ਬਣਾਈਆਂ ਗਈਆਂ। ਕੁੱਲ **35,049 ਮਾਮਲਿਆਂ** ਵਿੱਚੋਂ **33,393 ਮਾਮਲਿਆਂ** ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਲੋਕ ਅਦਾਲਤ ਦੌਰਾਨ ਕਈ ਮਹੱਤਵਪੂਰਨ ਮਾਮਲੇ ਵੀ ਨਿਪਟਾਏ ਗਏ। ਫੈਮਿਲੀ ਕੋਰਟ ਅੰਮ੍ਰਿਤਸਰ ਵਿੱਚ 2022 ਤੋਂ ਲੰਬਿਤ ਇੱਕ ਭਰਣ-ਪੋਸ਼ਣ ਮਾਮਲਾ ** ?7,09,000** ਦੀ ਅਦਾਇਗੀ ਨਾਲ ਨਿਪਟਿਆ, ਜਿਸ ਨਾਲ ਮੁੱਖ ਕੇਸ ਸਮੇਤ ਪੰਜ ਜੁੜੀਆਂ ਐਗਜ਼ਿਕਿਊਸ਼ਨ ਪਟੀਸ਼ਨਾਂ ਦਾ ਨਿਪਟਾਰਾ ਹੋ ਗਿਆ। ਇਸ ਤੋਂ ਨਾਮਕ ਮਾਮਲਾ, ਜੋ 2018 ਤੋਂ **ਸ਼੍ਰੀ ਅਮਨਦੀਪ ਸਿੰਘ ਘੁਮਨ, ਸਿਵਲ ਜੱਜ (ਜੂਨੀਅਰ ਡਿਵੀਜ਼ਨ)-ਕਮ-ਜੇਐਮਆਈਸੀ, ਅੰਮ੍ਰਿਤਸਰ** ਦੀ ਅਦਾਲਤ ਵਿੱਚ ਲੰਬਿਤ ਸੀ ਅਤੇ ਜਿਸ ਵਿੱਚ **2.20 ਕਰੋੜ ਰੁਪਏ** ਦੇ ਚੈਕ ਦਾ ਵਿਵਾਦ ਸੀ, ਲੋਕ ਅਦਾਲਤ ਦੌਰਾਨ ਸਮਝੌਤੇ ਨਾਲ ਨਿਪਟਾਇਆ ਗਿਆ।ਇਸੇ ਤਰ੍ਹਾਂ ਨਾਮਕ ਕਬਜ਼ੇ ਨਾਲ ਸੰਬੰਧਤ ਸਿਵਲ ਮਾਮਲਾ, ਜੋ 2018 ਤੋਂ **ਡਾ. ਗੁਰਦਰਸ਼ਨ ਸਿੰਘ, ਸਿਵਲ ਜੱਜ (ਜੂਨੀਅਰ ਡਿਵੀਜ਼ਨ), ਅੰਮ੍ਰਿਤਸਰ** ਦੀ ਅਦਾਲਤ ਵਿੱਚ ਲੰਬਿਤ ਸੀ, ਵੀ ਸਮਝੌਤੇ ਨਾਲ ਨਿਪਟਾਇਆ ਗਿਆ।ਇੱਕ ਹੋਰ ਪ੍ਰੇਰਣਾਦਾਇਕ ਮਾਮਲੇ ਵਿੱਚ **ਮਿਸ ਪ੍ਰਿਯੰਕਾ ਸ਼ਰਮਾ, ਸੀਜੇਜੇਡੀ-ਕਮ-ਜੇਐਮਆਈਸੀ, ਅੰਮ੍ਰਿਤਸਰ** ਦੀ ਅਦਾਲਤ ਵਿੱਚ ਲੰਬਿਤ ਵਿਆਹਕ ਵਿਵਾਦ ਦਾ ਨਿਪਟਾਰਾ ਹੋਇਆ, ਜਿਸ ਵਿੱਚ ਪਤੀ-ਪਤਨੀ ਜੋ ਪਿਛਲੇ **12 ਸਾਲਾਂ ਤੋਂ ਅਲੱਗ ਰਹਿ ਰਹੇ ਸਨ**, ਲੋਕ ਅਦਾਲਤ ਦੌਰਾਨ ਸਮਝੌਤੇ ਨਾਲ ਦੁਬਾਰਾ ਇਕੱਠੇ ਰਹਿਣ ਲਈ ਰਾਜ਼ੀ ਹੋ ਗਏ ਅਤੇ ਆਪਣੇ ਬੱਚਿਆਂ ਸਮੇਤ ਖੁਸ਼ੀ-ਖੁਸ਼ੀ ਆਪਣੇ ਘਰ ਵਾਪਸ ਗਏ।ਇਸ ਨਿਰੀਖਣ ਅਤੇ ਰਾਸ਼ਟਰੀ ਲੋਕ ਅਦਾਲਤ ਦੀ ਸਫਲ ਆਯੋਜਨਾ ਵਿੱਚ **ਮਿਸ ਜਤਿੰਦਰ ਕੌਰ, ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ ਅੰਮ੍ਰਿਤਸਰ; ਸ਼੍ਰੀ ਬਲਜਿੰਦਰ ਸਿੰਘ, ਐਡਿਸ਼ਨਲ ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ; ਮਿਸ ਪਰਮਿੰਦਰ ਕੌਰ ਬੈਂਸ, ਏਸੀਜੇਐਮ; ਮਿਸ ਸੁਪਰੀਤ ਕੌਰ, ਸੀਜੇਐਮ; ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸੈਕਟਰੀ, ਡਿਸਟ੍ਰਿਕਟ ਲੀਗਲ ਸਰਵਿਸਿਜ਼ ਅਥਾਰਟੀ, ਅੰਮ੍ਰਿਤਸਰ** ਸਮੇਤ ਹੋਰ ਜੂਡੀਸ਼ਲ ਅਧਿਕਾਰੀਆਂ ਅਤੇ ਸਟਾਫ਼ ਦਾ ਮਹੱਤਵਪੂਰਨ ਯੋਗਦਾਨ ਰਿਹਾ। ਦੌਰੇ ਦੌਰਾਨ ਮਾਨਯੋਗ ਜਸਟਿਸ ਰੋਹਿਤ ਕਪੂਰ ਨੇ ਸੈਸ਼ਨ ਡਿਵੀਜ਼ਨ ਅੰਮ੍ਰਿਤਸਰ ਦੇ ਸਾਰੇ ਜੂਡੀਸ਼ਲ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਨਿਆਂ ਪ੍ਰਣਾਲੀ ਦੀ ਕੁਸ਼ਲ ਕਾਰਗੁਜ਼ਾਰੀ, ਕੇਸਾਂ ਦੇ ਸਮੇਂ ਸਿਰ ਨਿਪਟਾਰੇ ਅਤੇ ਲੋਕ ਅਦਾਲਤਾਂ ਰਾਹੀਂ ਸਮਝੌਤਿਆਂ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਤੋਂ ਬਾਅਦ ਮਾਨਯੋਗ ਜਸਟਿਸ ਰੋਹਿਤ ਕਪੂਰ ਨੇ ਲਰਨੇਡ ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ ਅਤੇ ਹੋਰ ਸੀਨੀਅਰ ਜੂਡੀਸ਼ਲ ਅਧਿਕਾਰੀਆਂ ਨਾਲ ਮਿਲ ਕੇ **ਅਜਨਾਲਾ ਕੋਰਟ ਕੰਪਲੈਕਸ** ਦਾ ਦੌਰਾ ਕੀਤਾ ਅਤੇ ਅਦਾਲਤੀ ਪ੍ਰਿਸਰ ਦਾ ਨਿਰੀਖਣ ਕੀਤਾ। ਦੌਰੇ ਦੌਰਾਨ ਉਨ੍ਹਾਂ ਨੇ **ਅਜਨਾਲਾ ਬਾਰ ਐਸੋਸੀਏਸ਼ਨ** ਦੇ ਮੈਂਬਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵ ਸੁਣੇ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ।ਇਸ ਮੌਕੇ **ਈ-ਮੁਲਾਕਾਤ ਸਹੂਲਤ** ਦਾ ਵੀ ਉਦਘਾਟਨ ਕੀਤਾ ਗਿਆ, ਜਿਸ ਨਾਲ ਵਕੀਲਾਂ ਨੂੰ ਜੇਲ੍ਹਾਂ ਵਿੱਚ ਬੰਦ ਆਪਣੇ ਮਕਦਮਿਆਂ ਨਾਲ ਡਿਜ਼ਿਟਲ ਤਰੀਕੇ ਨਾਲ ਸੰਪਰਕ ਕਰਨ ਵਿੱਚ ਸਹੂਲਤ ਮਿਲੇਗੀ।ਇਹ ਦੌਰਾ ਨਿਆਂਕ ਢਾਂਚੇ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਦੀ ਸਮੀਖਿਆ ਨਾਲ ਸਮਾਪਤ ਹੋਇਆ, ਜਿਸ ਦਾ ਉਦੇਸ਼ ਨਿਆਂ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਅਤੇ ਮੁਕੱਦਮਾਬਾਜ਼ਾਂ, ਵਕੀਲਾਂ ਅਤੇ ਕੈਦੀਆਂ ਲਈ ਸਹੂਲਤਾਂ ਵਿੱਚ ਸੁਧਾਰ ਲਿਆਉਣਾ ਹੈ।



### ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ 558 ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

# ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਲਈ 4 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਕੀਤਾ ਐਲਾਨ





**ਨਵੀਂ ਦਿੱਲੀ, 14 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਸੇਵਾ ਨਿਭਾਉਣ ਵਾਲੇ ਹਰ ਸੇਵਾਦਾਰ ਅਤੇ ਮੁਲਾਜ਼ਮ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੀ ਦਿੱਖ ਅਤੇ ਆਚਾਰ ਵਿਹਾਰ ਰਾਹੀਂ ਸਿੱਖ ਪਰੰਪਰਾਵਾਂ ਦੀ ਮਰਯਾਦਾ ਨੂੰ ਮਜ਼ਬੂਤ ਬਣਾਉਣ। ਇਹ ਵਿਚਾਰ ਉਨ੍ਹਾਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਮਤ ਨਾਨਕਸ਼ਾਹੀ 558 ਦੀ ਆਮਦ ਸਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਪਣੇ ਸੰਬੋਧਨ ਦੌਰਾਨ ਪ੍ਰਗਟ ਕੀਤੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀਆਂ ਰਵਾਇਤਾਂ ਅਤੇ ਪਰੰਪਰਾਵਾਂ ਬਹੁਤ ਸ਼ਾਨਦਾਰ ਹਨ ਅਤੇ ਇਹ ਸਾਡੀ ਪਛਾਣ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦਾ ਪ੍ਰਬੰਧ ਸੰਗਤ ਦੇ ਸਹਿਯੋਗ ਨਾਲ ਚੱਲਦਾ ਹੈ ਅਤੇ ਇਸ ਕਰਕੇ ਗੁਰਦੁਆਰਾ ਸਾਹਿਬਾਨ ਵਿੱਚ ਸੇਵਾ ਨਿਭਾਉਣ ਵਾਲੇ ਸੇਵਾਦਾਰ, ਮੁਲਾਜ਼ਮ ਅਤੇ ਅਧਿਕਾਰੀ ਸਾਦਗੀ ਭਰਿਆ ਅਤੇ ਰਵਾਇਤੀ ਪਹਿਰਾਵਾ ਅਪਣਾਉਣ। ਇਸ ਨਾਲ ਗੁਰੂ ਘਰਾਂ ਦੀ ਮਰਯਾਦਾ ਅਤੇ ਸਿੱਖੀ ਅਸੂਲਾਂ ਦੀ ਝਲਕ ਪ੍ਰਗਟ ਹੁੰਦੀ ਹੈ। ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਡਿਊਟੀ ਦੀ ਸ਼ੁਰੂਆਤ ਹਰ ਰੋਜ਼ ਸਮੂਹਿਕ ਤੌਰ 'ਤੇ ਮੂਲ ਮੰਤਰ ਅਤੇ ਵਾਹਿਗੁਰੂ ਗੁਰਮੰਤਰ ਦੇ ਜਾਪ ਨਾਲ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਧਾਮੀ ਨੇ ਸ਼੍ਰੋਮਣੀ ਕਮੇਟੀ ਅਤੇ ਇਸ ਦੇ ਪ੍ਰਬੰਧ ਹੇਠ ਕੰਮ ਕਰਦੇ ਮੁਲਾਜ਼ਮਾਂ ਲਈ 1 ਅਪ੍ਰੈਲ ਤੋਂ 4 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਭਲਾਈ ਅਤੇ ਸਹੂਲਤਾਂ ਦਾ ਧਿਆਨ ਰੱਖਣਾ ਸ਼੍ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ, ਲੇਕਿਨ ਮੁਲਾਜ਼ਮਾਂ ਦੀ ਸੰਗਤਾਂ ਅਤੇ ਸੰਸਥਾ ਦੀ ਮਾਣ ਮਰਿਆਦਾ ਪ੍ਰਤੀ ਸਮਰਪਣ ਸਭ ਤੋਂ ਪਹਿਲਾਂ ਹੈ। ਇਸ ਮੌਕੇ ਉਨ੍ਹਾਂ ਸੰਗਤ ਨੂੰ ਨਾਨਕਸ਼ਾਹੀ ਨਵੇਂ ਸਾਲ ਦੀਆਂ ਵਧਾਈਆਂ ਦਿੰਦਿਆਂ ਅਰਦਾਸ ਕੀਤੀ ਕਿ ਅਕਾਲ ਪੁਰਖ ਸਾਰੀ ਮਨੁੱਖਤਾ 'ਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਸਿੱਖ ਕੌਮ ਨੂੰ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਅਨੁਸਾਰ ਜੀਵਨ ਜੀਊਣ ਦੀ ਪ੍ਰੇਰਣਾ ਬਖ਼ਸ਼ਣ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਥਾ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਜਸਮੇਰ ਸਿੰਘ ਲਾਛਡ਼ੂ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਿਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ, ਮੀਤ ਮੈਨੇਜਰ ਸ. ਦਿਲਬਾਗ ਸਿੰਘ, ਸ. ਬਲਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

> **ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਲਈ ਆਖਿਆ**

### ਦੇਸ਼ ਇੱਕ, ਪਰ ਨਿਆਂ ਵਿੱਚ ਦੋਹਰੇ ਮਾਪਦੰਡ - ਸਿੱਖਾਂ ਨਾਲ ਭੇਦਭਾਵ ਕਿਉਂ : ਸ਼ਮਸ਼ੇਰ ਸਿੰਘ ਪੱਧਰੀ

# ਸੋਨਮ ਵਾਂਗਚੁਕ ਰਿਹਾਅ, ਇੰਜੀਨੀਅਰ ਰਾਸ਼ਿਦ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ - ਭਾਈ ਅੰਮ੍ਰਿਤਪਾਲ ਸਿੰਘ ਕਿਉਂ ਵਾਂਝੇ



**ਅੰਮ੍ਰਿਤਸਰ, 14 ਮਾਰਚ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕੇਂਦਰ ਸਰਕਾਰ ਵੱਲੋਂ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ 'ਤੇ ਲੱਗੀ ਰਾਸ਼ਟਰੀ ਸੁਰੱਖਿਆ ਐਕਟ (ਐਨ ਐਸ ਏ) ਦੀ ਕਾਰਵਾਈ ਰੱਦ ਕਰਕੇ ਉਸਨੂੰ ਰਿਹਾਅ ਕਰਨ ਦੇ ਫੈਸਲੇ 'ਤੇ ਇਕ ਪ੍ਰੈਸ ਨੋਟ ਰਾਹੀਂ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਕਦਮ ਜਿੱਥੇ ਇਕ ਪਾਸੇ ਸਵਾਗਤਯੋਗ ਹੈ, ਉਥੇ ਹੀ ਇਹ ਦੇਸ਼ ਵਿੱਚ ਨਿਆਂ ਦੇ ਦੋਹਰੇ ਮਾਪਦੰਡਾਂ ਨੂੰ ਵੀ ਬੇਨਕਾਬ ਕਰਦਾ ਹੈ। ਇੱਕ ਪਾਸੇ ਸਰਕਾਰ ਐਨ ਐਸ ਏ ਹੇਠ ਹਿਰਾਸਤ ਵਿੱਚ ਰੱਖੇ ਵਿਅਕਤੀ ਨੂੰ ਤੁਰੰਤ ਰਿਹਾਅ ਕਰ ਦਿੰਦੀ ਹੈ, ਪਰ ਦੂਜੇ ਪਾਸੇ ਪੰਜਾਬ ਦੇ ਲੋਕਾਂ ਵੱਲੋਂ ਚੁਣੇ ਗਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਨੂੰ ਲਗਭਗ ਤਿੰਨ ਸਾਲ ਤੋਂ ਐਨ ਐਸ ਏ ਹੇਠ ਨਜ਼ਰਬੰਦ ਰੱਖਿਆ ਹੋਇਆ ਹੈ, ਜੋ ਕਿ ਲੋਕਤੰਤਰਿਕ ਅਧਿਕਾਰਾਂ ਦੇ ਖ਼ਿਲਾਫ਼ ਹੈ। ਭਾਈ ਪੱਧਰੀ ਨੇ ਕਿਹਾ ਕਿ ਹੋਰ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਇੰਜੀਨੀਅਰ ਰਾਸ਼ਿਦ, ਜੋ ਕਿ ਐਨ ਐਸ ਏ ਹੇਠ ਹੀ ਨਜ਼ਰਬੰਦ ਹਨ ਅਤੇ ਲੋਕ ਸਭਾ ਦੇ ਮੈਂਬਰ ਹਨ, ਉਨ੍ਹਾਂ ਨੂੰ ਸੰਸਦ ਵਿੱਚ ਜਾ ਕੇ ਬੋਲਣ ਦੀ ਇਜਾਜ਼ਤ ਦਿੱਤੀ ਜਾ ਚੁੱਕੀ ਹੈ। ਪਰ ਪੰਜਾਬ ਦੇ ਲੋਕਾਂ ਦੀ ਭਾਰੀ ਹਮਾਇਤ ਨਾਲ ਚੁਣੇ ਗਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣੇ ਹਲਕੇ ਦੇ ਲੋਕਾਂ ਦੀ ਆਵਾਜ਼ ਸੰਸਦ ਵਿੱਚ ਉਠਾਉਣ ਦਾ ਮੌਕਾ ਨਹੀਂ ਦਿੱਤਾ ਜਾ ਰਿਹਾ ਜੋ ਕਿ ਸਪੱਸ਼ਟ ਤੌਰ 'ਤੇ ਦੋਹਰਾ ਮਾਪਦੰਡ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਹ ਵੀ ਕਿਹਾ ਕਿ ਦੇਸ਼ ਦੀਆਂ ਜੇਲ੍ਹਾਂ ਵਿੱਚ ਕਈ ਸਜ਼ਾ ਪੂਰੀ ਕਰ ਚੁੱਕੇ ਸਿੱਖ ਬੰਦੀ ਸਿੰਘ ਦਹਾਕਿਆਂ ਤੋਂ ਕੈਦ ਹਨ, ਜਿਨ੍ਹਾਂ ਦੀ ਕਾਨੂੰਨੀ ਸਜ਼ਾ ਵੀ ਪੂਰੀ ਹੋ ਚੁੱਕੀ ਹੈ, ਪਰ ਫਿਰ ਵੀ ਉਨ੍ਹਾਂ ਨੂੰ ਰਿਹਾਈ ਨਹੀਂ ਦਿੱਤੀ ਜਾ ਰਹੀ। ਇਹ ਵੀ ਨਿਆਂ ਅਤੇ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਉਹਨਾਂ ਕਿਹਾ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਸਰਹੱਦਾਂ ਦੀ ਰੱਖਿਆ ਤੱਕ ਹਰ ਮੋਰਚੇ 'ਤੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ, ਪਰ ਜਦੋਂ ਉਹ ਆਪਣੇ ਹੱਕਾਂ ਦੀ ਗੱਲ ਕਰਦੇ ਹਨ ਤਾਂ ਉਹਨਾਂ ਵੱਖਵਾਦੀ ਤੇ ਅੱਤਵਾਦੀ ਦਾ ਟੈਗ ਲਗਾ ਦਿੱਤਾ ਜਾਂਦਾ ਹੈ। ਅੱਜ ਇਹ ਸਵਾਲ ਉਠਦਾ ਹੈ ਕਿ ਦੇਸ਼ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਕੌਮ ਤੋਂ ਐਨਾਂ ਡਰ ਕਿਉਂ ? ਅੰਤ ਵਿੱਚ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨਿਆਂ ਦਾ ਇੱਕੋ ਮਾਪਦੰਡ ਲਾਗੂ ਕਰਦੇ ਹੋਏ ਸਜ਼ਾ ਪੂਰੀ ਕਰ ਚੁੱਕੇ ਸਾਰੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ 'ਤੇ ਲੱਗੀ ਐਨ ਐਸ ਏ ਨੂੰ ਵੀ ਤੁਰੰਤ ਰੱਦ ਕਰਕੇ ਉਨ੍ਹਾਂ ਨੂੰ ਰਿਹਾਅ ਕੀਤਾ ਜਾਵੇ ਨਹੀਂ ਤਾਂ ਘੱਟੋ-ਘੱਟ ਬਤੌਰ ਮੈਂਬਰ ਪਾਰਲੀਮੈਂਟ ਲੋਕ ਸਭਾ ਵਿੱਚ ਬੋਲਣ ਦੀ ਇਜਾਜ਼ਤ ਹੀ ਦਿੱਤੀ ਜਾਵੇ , ਤਾਂ ਜੋ ਉਹ ਆਪਣੇ ਹਲਕੇ ਦੇ ਲੋਕਾਂ ਦੀ ਆਵਾਜ਼ ਸੰਸਦ ਵਿੱਚ ਉਠਾ ਸਕਣ।

# 2027 ਵਿੱਚ ਆਮ ਆਦਮੀ ਪਾਰਟੀ ਦਾ ਪੰਜਾਬ ਚੋਂ ਹੋਵੇਗਾ ਬਿਸਤਰਾ ਗੋਲ - ਜਥੇਦਾਰ ਹਰਚੰਦ ਸਿੰਘ ਚਕਰ



**ਲੁਧਿਆਣਾ (ਵਰਿਆਮ ਹਠੂਰ)**-ਪੰਜਾਬ ਗੁਰੂਆਂ ਪੀਰਾਂ ਫ਼ਕੀਰਾਂ ਦੀ ਧਰਤੀ ਹੈ। ਜਿਸ ਦਾ ਅਸੀਂ ਨਿੱਘ ਮਾਣ ਰਹੇਂ ਹਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਨੇ ਝੂਠ ਦੀ ਬੁਨਿਆਦ ਤੇ ਸਰਕਾਰ ਬਣਾਈ ਤੇ ਲੋਕਾਂ ਨੂੰ ਲਾਰਿਆਂ ਦਾ ਲਾਲੀਪਾਪ ਦਿੱਤਾ, ਪਰ ਆਮ ਆਦਮੀ ਪਾਰਟੀ ਤੋਂ ਲੋਕਾਂ ਦਾ ਮੋਹ ਪੂਰੀ ਤਰਾਂ ਭੰਗ ਹੋ ਚੁੱਕਾ ਹੈ। ਤੇ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਪੰਜਾਬ ਚੋਂ ਬਿਸਤਰਾ ਗੋਲ ਹੋਵੇਗਾ, ਕਿਉਂਕਿ ਪੰਜਾਬ ਸਰਕਾਰ ਦਾ ਨਾਂ ਤਾਂ ਸਿੱਖ ਮੁੱਦਿਆਂ ਵੱਲ ਧਿਆਨ ਹੈ। ਤੇ ਦੂਜੇ ਪਾਸੇ ਪ੍ਰਸ਼ਾਸਨ ਵੀ ਬੇਲਗਾਮ ਹੈ। ਜੇ ਸੱਚ ਕਿਹਾ ਜਾਵੇ ਤਾਂ ਇਸ ਸਮੇਂ ਪੰਜਾਬ ਵਿੱਚ ਜੰਗਲ ਰਾਜ ਬਣਿਆ ਹੋਇਆ ਹੈ। ਤੇ ਪੁਲਿਸ ਪ੍ਰਸ਼ਾਸਨ ਪੂਰੀ ਤਰਾਂ ਬੇਲਗਾਮ ਹੈ। ਤੇ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ ਉਹਨਾਂ ਕਿਹਾ ਕਿ ਪਿਛਲੇ ਦਿਨੀ ਇੱਕ ਨੌਜਵਾਨ ਰਣਜੀਤ ਸਿੰਘ ਨੂੰ ਵੀ ਪੁਲਿਸ ਵੱਲੋਂ ਘਰ ਵਿੱਚੋਂ ਗਿਰਫਤਾਰ ਕਰ ਕੇ ਇੱਕ ਫੇਕ ਐਂਨਕਊਟਰ ਵਿੱਚ ਮਾਰ ਦਿੱਤਾ, ਉਸ ਦਾ ਇਨਸਾਫ ਲੈਣ ਲਈ ਧਰਨੇ ਮੁਜਾਹਰੇ ਕਰਨੇ ਪਏ, ਦੂਸਰੇ ਪਾਸੇ ਬਹੁਤ ਲੰਬੇ ਸਮੇਂ ਤੋਂ ਸਮਾਣੇ ਵਿੱਚ ਭਾਈ ਗੁਰਜੀਤ ਸਿੰਘ ਖਾਲਸਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸਮੇਤ ਹੋਰ ਧਰਮਾਂ ਦੇ ਗ੍ਰੰਥਾਂ ਦੀਆਂ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਸਬੰਧੀ ਕੋਈ ਸਖਤ ਕਾਨੂੰਨ ਬਣਾਉਣ ਲਈ ਮੋਰਚਾ ਲਾਇਆ ਹੋਇਆ ਹੈ ਜਿਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਅੱਜ ਪੰਜਾਬ ਦੇ ਵਿੱਚ ਕੋਈ ਵੀ ਕੰਮ ਧਰਨੇ ਮੁਜਾਹਰਿਆਂ ਤੋਂ ਬਗੈਰ ਨਹੀਂ ਹੋ ਰਿਹਾ, ਪ੍ਰੰਤੂ ਸਰਕਾਰ ਦੇ ਕੰਨ ਤੇ ਜੂੰਅ ਤੱਕ ਨਹੀਂ ਸਰਕ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਔਰਤਾਂ ਨੂੰ ਇੱਕ ਹਜਾਰ ਰੁਪਏ ਦੇਣ ਦੇ ਐਲਾਨ ਨੂੰ ਹੀ ਬਹੁਤ ਵੱਡੀ ਪ੍ਰਾਪਤੀ ਸਮਝਿਆ ਜਾ ਰਿਹਾ ਹੈ। ਪਿਛਲੇ ਦਿਨੀਂ ਵਿਧਾਨ ਸਭਾ ਵਿੱਚ ਚੁਣੇ ਹੋਏ ਨੁਮਾਇੰਦੇ ਜਿਨਾਂ ਨੇ ਨੌਜਵਾਨੀ ਨੂੰ ਕੋਈ ਸੇਧ ਦੇਣੀ ਹੁੰਦੀ ਹੈ ਓਹ ਆਪ ਕੁੱਕੜਾਂ ਵਾਂਗ ਲੜ ਰਹੇ ਸਨ। ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਅੱਗੇ ਬੋਲਦਿਆਂ ਕਿਹਾ ਕੀ ਸਮਾਂ ਰਹਿੰਦੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾ ਨੂੰ ਰੋਕਣ ਲਈ ਜਲਦੀ ਤੋਂ ਜਲਦੀ ਕੋਈ ਵਧੀਆ ਕਾਨੂੰਨ ਬਣਾਉਣਾ ਚਾਹੀਦਾ ਹੈ। ਪਰ ਅਫਸੋਸ ਇਸ ਪਾਸੇ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ, ਤਕਰੀਬਨ ਹਰ ਵਰਗ ਪੰਜਾਬ ਸਰਕਾਰ ਤੋਂ ਦੁਖੀ ਹੈ। ਤੇ ਆਮ ਆਦਮੀ ਪਾਰਟੀ ਨੂੰ ਵੋਟ ਦੇ ਕੇ ਲੋਕ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਹੇ ਹਨ।

# ਮੋਗਾ ਵਿਖੇ ਅਮਿਤ ਸ਼ਾਹ ਦੇ ਆਉਣ ਤੇ ਪੰਜਾਬੀਆਂ ਤੇ ਸਿੱਖਾਂ ਵੱਲੋਂ ਆਪਣੇ ਘਰਾਂ ਤੇ ਕਾਰੋਬਾਰਾਂ ਤੇ ਕਾਲੇ ਝੰਡੇ ਲਗਾਕੇ ਰੋਸ ਜਾਹਰ ਕਰਨਾ ਵਧੀਆ ਉਪਰਾਲਾ: ਮਾਨ

## ਜ਼ਮਹੂਰੀਅਤ ਢੰਗ ਨਾਲ ਰੋਸ਼ ਕਰਨ ਵਾਲੇ ਆਗੂਆਂ ਨੂੰ ਗ੍ਰਿਫਤਾਰ ਕਰਨਾ ਗੈਰ ਕਾਨੂੰਨੀ



ਨਵੀਂ ਦਿੱਲੀ, 14 ਮਾਰਚ (ਮਨਪ੍ਰੀਤ ਸਿੰਘ ਖਾਲਸਾ):– "ਕਿਉਂਕਿ ਸੈਂਟਰ ਦੀ ਮੋਦੀ ਹਕੂਮਤ ਅਤੇ ਉਸ ਵਿਚ ਸਾਮਿਲ ਅਮਿਤ ਸ਼ਾਹ ਅਨੇਕਾ ਹੀ ਵਜੀਰ ਅਤੇ ਇਨ੍ਹਾਂ ਦੀਆਂ ਖੁਫੀਆ ਏਜੰਸੀਆ ਦੇ ਮੁੱਖੀਆ ਵੱਲੋ ਬੀਤੇ ਸਮੇ ਵਿਚ ਇਕ ਸਾਜਿਸ ਤਹਿਤ ਬਾਹਰਲੇ ਮੁਲਕਾਂ ਵਿਚ ਵੱਸਣ ਵਾਲੇ ਸਿਰਕੱਢ ਸਿੱਖਾਂ ਨੂੰ ਨਿਸ਼ਾਨਾਂ ਬਣਾਕੇ ਕਤਲ ਕੀਤੇ ਗਏ ।ਇੰਡੀਆ ਦੀ ਮੋਦੀ ਹਕੂਮਤ ਜਿਸ ਵਿਚ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਨੇ ਕੈਨੇਡਾ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਦੇ ਕਤਲ ਕਰਵਾਏ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ ।ਜਦੋ ਤੋ ਸੈਂਟਰ ਵਿਚ ਮੋਦੀ ਹਕੂਮਤ ਬਣੀ ਹੈ, ਉਸ ਸਮੇ ਤੋ ਹੀ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਵਿਤਕਰੇ ਅਤੇ ਜ਼ਬਰ ਘੱਟਣ ਦੀ ਬਜਾਇ ਵੱਧ ਗਿਆ ਹੈ ।ਅੱਜ ਵੀ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆ ਵਿਚ ਕਤਲ ਕੀਤਾ ਜਾਂਦਾ ਆ ਰਿਹਾ ਹੈ ।ਪੰਜਾਬ ਦੀ ਆਰਥਿਕਤਾ ਨੂੰ ਮਜਬੂਤੀ ਦੇਣ ਲਈ ਇਸ ਮੋਦੀ ਹਕੂਮਤ ਵੱਲੋ ਆਪਣੇ 11 ਸਾਲਾਂ ਵਿਚ ਪੰਜਾਬ ਨੂੰ ਕੁਝ ਵੀ ਨਹੀ ਦਿੱਤਾ ਗਿਆ ।ਬਲਕਿ ਸਾਡੀਆ ਸਰਹੱਦਾਂ ਨਾ ਖੋਲ੍ਹਕੇ ਸਾਡੀ ਆਰਥਿਕਤਾ ਨੂੰ ਹੋਰ ਵੀ ਡੂੰਘੀ ਸੱਟ ਮਾਰੀ ਜਾ ਰਹੀ ਹੈ ।ਕੇਂਦਰ ਦੀਆਂ ਪੰਜਾਬ ਤੇ ਸਿੱਖ ਕੌਮ ਵਿਰੋਧੀ ਨੀਤੀਆਂ ਦੀ ਬਦੌਲਤ ਹੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਦਲ ਖਾਲਸਾ ਨੇ ਸਾਂਝੇ ਤੌਰ ਤੇ ਸਿੱਖ ਕੌਮ ਨੇ 14 ਮਾਰਚ ਨੂੰ ਆਪਣੇ ਘਰਾਂ ਤੇ ਕਾਰੋਬਾਰਾਂ ਉਤੇ ਕਾਲੇ ਝੰਡੇ ਲਗਾਕੇ ਸਿੱਖ ਕੌਮ ਦੇ ਇਨ੍ਹਾਂ ਕਾਤਲਾਂ ਤੇ ਪੰਜਾਬ ਵਿਰੋਧੀ ਤਾਕਤਾਂ ਵਿਰੁੱਧ ਰੋਸ ਜਾਹਰ ਕਰਨ ਦੀ ਕਾਲ ਦਿੱਤੀ ਸੀ ।ਜਿਸ ਨੂੰ ਪੰਜਾਬੀਆਂ ਤੇ ਸਿੱਖਾਂ ਨੇ ਪ੍ਰਵਾਨ ਕਰਕੇ ਵੱਡੇ ਪੱਧਰ ਤੇ ਕਾਲੇ ਝੰਡੇ ਵੀ ਲਗਾਏ ਅਤੇ ਮੋਗਾ ਵਿਖੇ ਰੈਲੀ ਵਿਚ ਸਾਮਿਲ ਹੋਣ ਲਈ ਪਹੁੰਚਕੇ ਰੋਸ ਜਾਹਰ ਕਰਨ ਵਾਲੇ ਸਿੱਖਾਂ ਨੂੰ ਜਬਰੀ ਗ੍ਰਿਫਤਾਰ ਕਰਕੇ ਜਮਹੂਰੀਅਤ ਅਤੇ ਸਮਾਜਿਕ ਲੀਹਾਂ ਦਾ ਕੇਂਦਰ ਤੇ ਪੰਜਾਬ ਸਰਕਾਰ ਨੇ ਘਾਣ ਕੀਤਾ ਹੈ ।ਜਿਸਦੀ ਅਸੀ ਕਰੜੇ ਸ਼ਬਦਾਂ ਵਿਚ ਜਿਥੇ ਨਿੰਦਾ ਕਰਦੇ ਹਾਂ, ਉਥੇ ਮੌਜੂਦਾ ਜਿਥੇ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋ ਅਪਣਾਈ ਜਾਬਰ ਨੀਤੀ ਦੇ ਨਤੀਜਿਆ ਨੂੰ ਭੁਗਤਣ ਲਈ ਖਬਰਦਾਰ ਵੀ ਕਰਦੇ ਹਾਂ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬੀਆਂ ਤੇ ਸਿੱਖਾਂ ਵੱਲੋ ਅਮਿਤ ਸ਼ਾਹ ਵੱਲੋ ਪੰਜਾਬ ਵਿਚ ਦਾਖਲ ਹੋਣ ਤੇ ਕਾਲੀਆਂ ਝੰਡੀਆਂ ਨਾਲ ਰੋਸ ਜਾਹਰ ਕਰਨ ਦੇ ਪ੍ਰੋਗਰਾਮ ਲਈ ਪੰਜਾਬੀਆਂ, ਸਿੱਖਾਂ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਅਹੁਦੇਦਾਰਾਂ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਉਥੇ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜਰਨਲ ਸਕੱਤਰ ਸ. ਹਰਪਾਲ ਸਿੰਘ ਬਲੇਰ, ਜਥੇਬੰਦਕ ਸਕੱਤਰ ਜਸਵੀਰ ਸਿੰਘ ਬੱਚੜੇ, ਦਿਲਬਾਗ ਸਿੰਘ ਸੇਰੋ, ਬਲਵੀਰ ਸਿੰਘ ਬੱਛੋਆਣਾ, ਚਾਨਣ ਸਿੰਘ ਘਰਿਆਲਾ, ਮੋਗਾ, ਫਰੀਦਕੋਟ, ਮਾਨਸਾ, ਸੰਗਰੂਰ, ਬਰਨਾਲਾ ਆਦਿ ਜ਼ਿਲ੍ਹਿਆ ਦੇ ਵਰਕਰਾਂ ਨੂੰ ਘਰਾਂ ਵਿਚੋ ਗ੍ਰਿਫਤਾਰ ਕਰਨ ਦੇ ਅਮਲ ਕੇਂਦਰ ਅਤੇ ਪੰਜਾਬ ਸਰਕਾਰ ਦੀ ਲੋਕਾਂ ਵਿਚ ਵਿਰੋਧਤਾ ਤੋ ਪੈਦਾ ਹੋ ਰਹੀ ਬੁਖਲਾਹਟ ਨੂੰ ਪ੍ਰਤੱਖ ਕਰਦੇ ਹਨ ।ਸ. ਮਾਨ ਨੇ ਪੰਜਾਬੀਆਂ ਤੇ ਸਿੱਖਾਂ ਨੂੰ ਹਾਰਦਿਕ ਸੰਦੇਸ ਦਿੰਦੇ ਹੋਏ ਕਿਹਾ ਕਿ ਜੋ ਪੰਜਾਬ ਸੂਬੇ ਤੇ ਸਿੱਖ ਵਿਰੋਧੀ ਜਮਾਤਾਂ ਪੰਜਾਬੀਆਂ ਨੂੰ ਕਈ ਤਰ੍ਹਾਂ ਦੇ ਥੋੜਚਿਰੇ ਲਾਲਚ ਦੇ ਕੇ ਅਤੇ ਸਬਜਬਾਗ ਦਿਖਾਕੇ ਕੇਵਲ ਤੇ ਕੇਵਲ ਪੰਜਾਬੀਆਂ ਦੀ ਅਣਖ ਭਰੀ ਸੋਚ ਤੇ ਸੂਬੇ ਉਤੇ ਕਾਬਜ ਹੋਣਾ ਲੋਚਦੇ ਹਨ ਜਦੋਕਿ ਇਨ੍ਹਾਂ ਕੋਲ ਪੰਜਾਬ ਸੂਬੇ ਦੀ ਬਿਹਤਰੀ ਅਤੇ ਪੰਜਾਬੀਆਂ ਦੇ ਲੰਮੇ ਸਮੇ ਤੋ ਲਟਕਦੇ ਆ ਰਹੇ ਮਸਲਿਆਂ ਲਈ ਕੋਈ ਯੋਜਨਾ ਨਹੀ ਹੈ ।ਇਸ ਲਈ ਪੰਜਾਬੀਆਂ ਨੂੰ ਚਾਹੀਦਾ ਹੈ ਕਿ ਇਨ੍ਹਾਂ ਦੇ ਇਕੱਠਾਂ ਦਾ ਬਾਈਕਾਟ ਕਰਕੇ ਆਉਣ ਵਾਲੇ ਸਮੇਂ ਵਿਚ ਜਦੋ ਵੀ ਪੰਜਾਬ ਸੂਬੇ ਦੀਆਂ ਚੋਣਾਂ ਹੋਣ ਤਾਂ ਬੀਜੇਪੀ-ਆਰ.ਐਸ.ਐਸ ਕਾਂਗਰਸ, ਆਮ ਆਦਮੀ ਪਾਰਟੀ ਅਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਸਮੂਹਿਕ ਰੂਪ ਵਿਚ ਵੱਡੀ ਹਾਰ ਦੇ ਕੇ ਪੰਜਾਬ ਸੂਬੇ ਪੱਖੀ ਪੰਥਕ ਸਰਕਾਰ ਕਾਇਮ ਕਰਨ ਵਿਚ ਯੋਗਦਾਨ ਪਾਉਣ ।

ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਐਲਾਨ ਹੋਣ 'ਤੇ

# ਜੰਡਿਆਲਾ ਗੁਰੂ ਵਿੱਚ ਮਹਿਲਾਵਾਂ ਨੇ ਜਾਗੋ ਕੱਢ ਕੇ ਖ਼ੁਸ਼ੀ ਮਨਾਈ



**ਜੰਡਿਆਲਾ ਗੁਰੂ, 14 ਮਾਰਚ (ਕੁਲਵੰਤ ਸਿੰਘ ਵਿਰਦੀ )** - ਅੱਜ ਪੰਜਾਬ ਸਰਕਾਰ ਦੀ ਵੱਡੀ ਯੋਜਨਾ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਦੀ ਸ਼ੁਰੂਆਤ ਦੀ ਖ਼ੁਸ਼ੀ ਨੂੰ ਵੱਖਰੇ ਅੰਦਾਜ਼ ਵਿੱਚ ਮਨਾਉਂਦਿਆਂ ਜੰਡਿਆਲਾ ਗੁਰੂ ਸ਼ਹਿਰ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਤੇ ਜੰਡਿਆਲਾ ਗੁਰੂ ਹਲਕੇ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਬਲਾਕ ਜੰਡਿਆਲਾ ਗੁਰੂ ਦੇ ਚੇਅਰਮੈਨ ਸ੍ਰ ਅਮਰੀਕ ਸਿੰਘ ਸੋਢੀ ਸਮੇਤ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਜਾਗੋ ਦਾ ਆਯੋਜਨ ਕੀਤਾ। ਇਸ ਜਾਗੋ ਵਿੱਚ ਕਰੀਬ 400-500 ਬੀਬੀਆਂ ਨੇ ਹਿੱਸਾ ਲਿਆ। ਇਸ ਮੌਕੇ ਹਾਜ਼ਰ ਮਹਿਲਾਵਾਂ ਨੇ ਵਿਰਾਸਤੀ ਸਮਾਨ ਜਿਵੇਂ ਕਿ ਛੱਜ, ਘੜਾ ਅਤੇ ਹੋਰ ਰਵਾਇਤੀ ਸਮਾਨ ਵੀ ਲਿਆਂਦਾ ਗਿਆ ਤੇ ਪੁਰਾਣੇ ਰੀਤੀ-ਰਿਵਾਜ ਅਨੁਸਾਰ ਜਾਗੋ ਕੱਢੀ ਗਈ। ਮਹਿਲਾਵਾਂ ਨੇ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਦੀ ਖ਼ੁਸ਼ੀ ਮਨਾਈ ਅਤੇ ਪੂਰੇ ਉਤਸ਼ਾਹ ਨਾਲ ਸਮਾਰੋਹ ਨੂੰ ਯਾਦਗਾਰ ਬਣਾਇਆ।ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਜੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਮਾਵਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਮਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਦੀ ਆਰਥਿਕ ਖੁਦਮੁਖਤਿਆਰੀ ਯਕੀਨੀ ਬਣਾਉਣ ਲਈ ਮਹੱਤਵਪੂਰਨ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 9300 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਹੈ, ਜਿਸ ਦੇ ਅਧੀਨ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1500 ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਇਹ ਫੈਸਲਾ ਮਹਿਲਾਵਾਂ ਦੇ ਆਰਥਿਕ ਅਤੇ ਸਮਾਜਿਕ ਸਸ਼ਕਤੀਕਰਨ ਵੱਲ ਇਕ ਇਤਿਹਾਸਕ ਕਦਮ ਹੈ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਅੱਗੇ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦੀਆਂ ਕਰੀਬ 97 ਫੀਸਦੀ ਯੋਗ ਮਹਿਲਾਵਾਂ ਨੂੰ ਲਾਭ ਮਿਲੇਗਾ, ਜਿਸ ਨਾਲ ਪੰਜਾਬ ਸਭ ਤੋਂ ਵੱਧ ਗਿਣਤੀ ਵਿੱਚ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਦੇਣ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਮਕਸਦ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨਾ, ਘਰੇਲੂ ਫ਼ੈਸਲਾ ਲੈਣ ਵਿੱਚ ਉਨ੍ਹਾਂ ਦੀ ਭੂਮਿਕਾ ਵਧਾਉਣਾ, ਸਿਹਤ ਅਤੇ ਪੋਸ਼ਣ ਦੇ ਨਤੀਜੇ ਸੁਧਾਰਨਾ ਅਤੇ ਲੜਕੀਆਂ ਨੂੰ ਉੱਚੇਰੀ ਸਿੱਖਿਆ ਅਤੇ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਦੇ ਦ੍ਰਿੜ ਨਿਸ਼ਚੇ ਨੂੰ ਦਰਸਾਉਂਦੀ ਹੈ ਕਿ ਮਹਿਲਾਵਾਂ ਦਾ ਸਸ਼ਕਤੀਕਰਨ ਇੱਕ ਮਜ਼ਬੂਤ ਅਤੇ ਪ੍ਰਗਤੀਸ਼ੀਲ ਸਮਾਜ ਦੀ ਨੀਂਹ ਹੈ।ਇਸ ਦੌਰਾਨ ਮਹਿਲਾਵਾਂ ਨੇ ਮਾਨ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਆਮ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ।

**ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ ਯਕੀਨੀ ਬਣਾਏਗੀ - ਹਰਭਜਨ ਸਿੰਘ ਈਟੀਓ**

ਗੈਸ ਸਿਲੰਡਰਾਂ ਦੀ ਕਮੀ ਦੀਆਂ ਅਫਵਾਹਾਂ ਨਾਲ ਘਬਰਾਹਟ

# ਏਜੰਸੀਆਂ ਅੱਗੇ ਲੰਬੀਆਂ ਲਾਈਨਾਂ; ਬਲੈਕ ਵਿੱਚ ਵਧੇ ਰੇਟਾਂ ਦੀ ਵੀ ਚਰਚਾ





**ਤਲਵੰਡੀ ਸਾਬੋ, 14 ਮਾਰਚ (ਗੁਰਜੰਟ ਸਿੰਘ ਨਥੇਹਾ)**- ਇਲਾਕੇ ਵਿੱਚ ਚੱਲ ਰਹੀ ਅਨਿਸ਼ਚਿਤਤਾ ਦੇ ਮਾਹੌਲ ਦੌਰਾਨ ਜਿੱਥੇ ਡੀਜ਼ਲ ਅਤੇ ਪੈਟਰੋਲ ਦੀ ਸੰਭਾਵਿਤ ਕਿੱਲਤ ਦੀਆਂ ਗੱਲਾਂ ਚੱਲ ਰਹੀਆਂ ਹਨ, ਉਥੇ ਰਸੋਈ ਗੈਸ ਸਿਲੰਡਰਾਂ ਨੂੰ ਲੈ ਕੇ ਫੈਲ ਰਹੀਆਂ ਅਫਵਾਹਾਂ ਨੇ ਵੀ ਲੋਕਾਂ ਵਿੱਚ ਘਬਰਾਹਟ ਪੈਦਾ ਕਰ ਦਿੱਤੀ ਹੈ। ਇਸ ਕਾਰਨ ਗੈਸ ਏਜੰਸੀਆਂ ਦੇ ਬਾਹਰ ਸਿਲੰਡਰਾਂ ਦੀ ਬੁਕਿੰਗ ਅਤੇ ਖਰੀਦ ਲਈ ਲੋਕਾਂ ਦੀਆਂ ਲੰਬੀਆਂ ਲੰਬੀਆਂ ਲਾਈਨਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ। ਜੇਕਰ ਤਲਵੰਡੀ ਸਾਬੋ ਖੇਤਰ ਦੀ ਗੱਲ ਕਰੀਏ ਤਾਂ ਅੱਜ ਨੱਤ ਰੋਡ ਸਥਿਤ ਇੱਕ ਗੈਸ ਏਜੰਸੀ ਦੇ ਬਾਹਰ ਵੱਡੀ ਗਿਣਤੀ ਵਿੱਚ ਲੋਕ ਸਿਲੰਡਰ ਲੈਣ ਲਈ ਇਕੱਠੇ ਹੋਏ ਅਤੇ ਕਈ ਲੋਕ ਘੰਟਿਆਂ ਤੱਕ ਆਪਣੀ ਵਾਰੀ ਦੀ ਉਡੀਕ ਕਰਦੇ ਰਹੇ। ਵਧਦੀ ਭੀੜ ਨੂੰ ਦੇਖਦਿਆਂ ਏਜੰਸੀਆਂ ਵੱਲੋਂ ਬੁਕਿੰਗ ਦਾ ਸਮਾਂ ਵੀ ਵਧਾਇਆ ਗਿਆ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਲੋਕਾਂ ਦੀ ਬੁਕਿੰਗ ਕੀਤੀ ਜਾ ਸਕੇ। ਇਸ ਦੌਰਾਨ ਇਲਾਕੇ ਵਿੱਚ ਇਹ ਵੀ ਚਰਚਾ ਚੱਲ ਰਹੀ ਹੈ ਕਿ ਗੈਸ ਸਿਲੰਡਰਾਂ ਦੀ ਕਮੀ ਦੇ ਮਾਹੌਲ ਦਾ ਫਾਇਦਾ ਚੁੱਕਦਿਆਂ ਕੁਝ ਥਾਵਾਂ 'ਤੇ ਸਿਲੰਡਰ ਬਲੈਕ ਵਿੱਚ ਵੀ ਵੇਚੇ ਜਾ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਜਿੱਥੇ ਬਲੈਕ ਵਿੱਚ ਸਿਲੰਡਰ ਕਰੀਬ ਇੱਕ ਹਜ਼ਾਰ ਰੁਪਏ ਦੇ ਆਸਪਾਸ ਮਿਲ ਜਾਂਦਾ ਸੀ, ਉਥੇ ਹੁਣ ਇਸ ਦੀ ਕੀਮਤ ਵਧ ਕੇ ਦੋ ਹਜ਼ਾਰ ਰੁਪਏ ਤੱਕ ਪਹੁੰਚ ਗਈ ਹੈ। ਲੋਕਾਂ ਦਾ ਇਹ ਵੀ ਦਾਅਵਾ ਹੈ ਕਿ ਬਲੈਕ ਰੁਕਣ ਦੀ ਬਜਾਇ ਇਸ ਵਿੱਚ ਹੋਰ ਵਾਧਾ ਹੋ ਰਿਹਾ ਹੈ। ਦੂਜੇ ਪਾਸੇ ਡਿਪਟੀ ਕਮਿਸ਼ਨਰ ਬਠਿੰਡਾ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਗੈਸ ਸਿਲੰਡਰਾਂ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਨਾ ਫੈਲਾਉਣ ਅਤੇ ਨਾ ਹੀ ਅਫਵਾਹਾਂ 'ਤੇ ਵਿਸ਼ਵਾਸ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਜ਼ਰੂਰੀ ਵਸਤੂਆਂ ਦੀ ਸਪਲਾਈ ਸਧਾਰਣ ਤੌਰ 'ਤੇ ਜਾਰੀ ਹੈ ਅਤੇ ਲੋਕਾਂ ਨੂੰ ਪੈਨਿਕ ਹੋਣ ਦੀ ਲੋੜ ਨਹੀਂ ਹੈ।ਉੱਧਰ ਇਲਾਕਾ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਗੈਸ ਸਿਲੰਡਰਾਂ ਦੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ ਅਤੇ ਬਲੈਕ ਮਾਰਕੀਟਿੰਗ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਆਮ ਲੋਕਾਂ ਨੂੰ ਰਸੋਈ ਗੈਸ ਪ੍ਰਾਪਤ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

# ਅੱਖਾਂ ਦੇ ਰੋਗੀਆਂ ਦੀ ਗਿਣਤੀ ਵਿੱਚ ਹੋ ਰਿਹਾ ਭਾਰੀ ਵਾਧਾ ਚਿੰਤਾਜਨਕ : ਭਾਨ ਸਿੰਘ ਜੱਸੀ

## ਲਗਭਗ 43 ਮਰੀਜ਼ ਚਿੱਟੇ ਮੋਤੀਏ ਦੀ ਬਿਮਾਰੀ ਤੋ ਹਨ ਪੀੜਤ





**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਸਥਾਨਕ ਗੁਰਦੁਆਰਾ ਸ੍ਰੀ ਅਕਾਲ ਪ੍ਰਕਾਸ਼ ਸ਼ੇਰਪੁਰ ਵਿਖੇ ਸੰਕਰਾ ਆਈ ਹਸਪਤਾਲ ਲੁਧਿਆਣਾ ਵੱਲੋਂ ਅੱਖਾਂ ਦਾ ਵਿਸ਼ਾਲ ਕੈਂਪ ਲਾਇਆ ਗਿਆ, ਮਾਹਰ ਡਾਕਟਰਾਂ ਵੱਲੋਂ ਇਲਾਕੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਦੀਆਂ ਅੱਖਾਂ ਚੈੱਕ ਕਰਨ ਉਪਰੰਤ ਲਗਭਗ 43 ਮਰੀਜ਼ ਚਿੱਟੇ ਮੋਤੀਏ ਦੇ ਮਰੀਜ਼ ਪਾਏ ਗਏ ਜਿਨਾਂ ਦਾ ਅਪਰੇਸ਼ਨ ਕਰਕੇ ਮੁਫਤ ਲੈਂਜ ਪਾਏ ਜਾਣਗੇ ਅਤੇ ਦਵਾਈਆਂ ਵੀ ਮੁਫਤ ਦਿੱਤੀਆਂ ਜਾਣਗੀਆਂ, ਸਮਾਜ ਸੇਵੀ ਭਾਨ ਸਿੰਘ ਜੱਸੀ ਅਤੇ ਮਾ: ਮਨਜੀਤ ਸਿੰਘ ਦੀ ਅਗਵਾਈ ਵਿੱਚ ਅੱਖਾਂ ਦੇ ਇਸ ਵਿਸ਼ਾਲ ਕੈਂਪ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਬਦਲੇ ਸਰੀ ਕਨੇਡਾ ਤੋਂ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਸ: ਜਸਵੰਤ ਸਿੰਘ ਬਰਾੜ , ਭੈਣ ਕੁਲਵੰਤ ਕੌਰ ਬਰਾੜ ਅਤੇ ਬੀਬੀ ਜਸਵੰਤ ਕੌਰ ਧਾਲੀਵਾਲ ਅਤੇ ਡਾਕਟਰਾਂ ਦੀ ਸਮੁੱਚੀ ਟੀਮ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ, ਸਵੇਰੇ 9 ਵਜੇ ਤੋਂ 2 ਵਜੇ ਤੱਕ ਚੱਲੇ ਅੱਖਾਂ ਦੇ ਇਸ ਵਿਸ਼ਾਲ ਕੈਂਪ ਵਿਚ ਜਿੱਥੇ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫਤ ਵੰਡੀਆਂ ਗਈਆਂ ਉੱਥੇ ਲੰਗਰ ਅਤੇ ਚਾਹ ਪਾਣੀ ਦੀ ਸੇਵਾ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ, ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾ: ਸਾਥੀ ਖੁਸੀਆ ਸਿੰਘ , ਕਾ: ਦੁੱਲਾ ਸਿੰਘ ਬਾਜਵਾ , ਸਾਧੂ ਸਿੰਘ ਛੀਨੀਵਾਲ , ਹੈਪੀ ਸੀਨੀਵਾਲ , ਜਰਨੈਲ ਸਿੰਘ ਕਾਲਾ ਬੂਲਾ , ਚਰਨਜੀਤ ਸਿੰਘ ਚੰਨੀ , ਡਾ: ਸ਼ਮਸ਼ੇਰ ਸਿੰਘ ਬੱਧਣ , ਵੈਦ ਬਲਵੰਤ ਰਾਏ , ਵਰਿੰਦਰ ਸਿੰਘ ਵਿੱਕੀ , ਜਥੇਦਾਰ ਸਾਧੂ ਸਿੰਘ ਪੇਧਨੀ ,ਬਲਦੇਵ ਸਿੰਘ ਘਨੌਰੀ , ਬਲਵਿੰਦਰ ਸਿੰਘ ਅਲੀਪੁਰ , ਲਾਭ ਸਿੰਘ ਅਲੀਪੁਰ ਅਤੇ ਪਾਲੀ ਟਿੱਬਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕੈਂਪ ਵਿੱਚ ਸ਼ਾਮਿਲ ਹੋਈਆਂ ਸਾਰੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## ਸੇਵਾ ਸੁਸਾਇਟੀ ਵਡਾਲੀ ਡੋਗਰਾਂ ਵੱਲੋਂ ਸਮੂਹ ਸ਼ਹੀਦ ਸਿੰਘਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 12 ਵਾਂ ਦੋ ਰੋਜਾ ਗੁਰਮਤਿ ਸਮਾਗਮ 21 ਤੇ 22 ਮਾਰਚ ਨੂੰ



ਜੰਡਿਆਲਾ ਗੁਰੂ 14 ਮਾਰਚ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਵਸੇ ਪਿੰਡ ਵਡਾਲੀ ਡੋਗਰਾਂ ਵਿਖੇ ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਵੱਖ ਵੱਖ ਪੁਰਬਾਂ ਤੇ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਅਤੇ ਹਰ ਸਾਲ ਇਲਾਕੇ ਦੇ ਗ੍ਰੰਥੀ ਸਿੰਘਾਂ ਦਾ ਸਨਮਾਨ ਕੀਤਾ ਜਾਂਦਾ ਹੈ ਜਿਸ ਦੇ ਚੱਲਦਿਆਂ ਬੀਤੇ ਦਿਨ ਸੁਸਾਇਟੀ ਦੇ ਸੈਕਟਰੀ ਡਾ ਬਲਬੀਰ ਸਿੰਘ ਜੰਡ ਦੇ ਗ੍ਰਹਿ ਵਿਖੇ ਗ੍ਰੰਥੀ ਸਿੰਘਾਂ ਦੇ ਸਨਮਾਨ ਲਈ ਰੱਖੇ ਗਏ ਸਮਾਗਮ ਸੰਬੰਧੀ ਮੀਟਿੰਗ ਕੀਤੀ ਗਈ । ਇਸ ਮੀਟਿੰਗ ਵਿੱਚ ਸੋਸਾਇਟੀ ਦੇ ਸਰਪ੍ਰਸਤ ਡਾ ਪਰਮਜੀਤ ਸਿੰਘ ਪੰਨੂੰ, ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ,ਸੈਕਟਰੀ ਭਾਈ ਕੁਲਵਿੰਦਰ ਸਿੰਘ ਨੇ ਸਿਰਕਤ ਕੀਤੀ ਅਤੇ ਆਪਣੇ ਆਪਣੇ ਵੀਚਾਰਾਂ ਦੀ ਸਾਂਝ ਪਾਈ ਇਸ ਸੰਬੰਧੀ ਜਾਣਕਾਰੀ ਦਿੰਦਿਆ ਹੋਇਆ ਸੁਸਾਈਟੀ ਦੇ ਪ੍ਰਧਾਨ ਭਾਈ ਸਾਹਿਬ ਸਿੰਘ ਸੰਧੂ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਵੱਲੋਂ ਹਰ ਸਾਲ ਛੋਟਾ ਜਿਹਾ ਉਪਰਾਲਾ ਕੀਤਾ ਜਾਂਦਾ ਹੈ ਜਿਸ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ (ਰਜਿ.), ਪਿੰਡ ਵਡਾਲੀ ਡੋਗਰਾਂ ਬਲਾਕ ਜੰਡਿਆਲਾ ਗੁਰੂ, ਅੰਮ੍ਰਿਤਸਰ ਅਤੇ ਸਮੂਹ ਸਾਧ ਸੰਗਤ ਵੱਲੋਂ ਸ਼ਹੀਦ ਬਾਬਾ ਬਘੇਲ ਸਿੰਘ ਜੀ, ਸ਼ਹੀਦ ਬਾਬਾ ਅਮਰ ਸਿੰਘ ਜੀ, ਸ਼ਹੀਦ ਬਾਬਾ ਤਾਰਾ ਸਿੰਘ ਜੀ ਵਾਂ ਅਤੇ ਸਮੂਹ ਸ਼ਹੀਦ ਸਿੰਘਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 12ਵਾਂ ਗੁਰਮਤਿ ਸਮਾਗਮ 2026 ਮਿਤੀ 21, 22 ਮਾਰਚ (8,9 ਚੇਤਰ) ਦਿਨ ਸ਼ਨੀਵਾਰ, ਐਤਵਾਰ ਨੂੰ ਦੋ ਦਿਨਾਂ ਸਮਾਗਮ ਗੁ: ਸਿੰਘ ਸਭਾ ਪਿੰਡ ਵਡਾਲੀ ਡੋਗਰਾਂ ਵਿਖੇ ਕਰਵਾਇਆ ਜਾ ਰਿਹਾ ਹੈ ! ਜਿਸ ਵਿੱਚ 21 ਮਾਰਚ ਦਿਨ ਸ਼ਨੀਵਾਰ ਸ਼ਾਮ ਦੇ ਦੀਵਾਨ 6:30 ਤੋਂ 7:00 ਵਜੇ ਤੱਕ ਰਹਿਰਾਸ ਸਾਹਿਬ ਦੇ ਪਾਠ ਹੋਣਗੇ ਅਤੇ ਉਪਰੰਤ ਭਾਈ ਭੁਪਿੰਦਰ ਸਿੰਘ 7 ਤੋਂ 8 ਵਜੇ ਤੱਕ ਅਤੇ 8 ਤੋਂ 9 ਤੱਕ ਭਾਈ ਪ੍ਰਭਜੀਤ ਸਿੰਘ ਮਾਣੋਚਾਹਲ ਕੀਰਤਨ ਦੀ ਹਾਜ਼ਰੀ ਭਰਨਗੇ। ਅਤੇ ਦੂਸਰੇ ਦਿਨ 22 ਮਾਰਚ ਦਿਨ ਐਤਵਾਰ ਅੰਮ੍ਰਿਤ ਵੇਲੇ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਜਾਣਗੇ। ਅਤੇ ਸਵੇਰੇ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ 11 ਤੋਂ 12 ਵਜੇ ਤੱਕ ਭਾਈ ਰੂਪਵੰਤ ਸਿੰਘ ਵਡਾਲੀ ਕੀਰਤਨ ਦੀਆਂ ਹਾਜਰੀਆਂ ਭਰਨਗੇਅਤੇ ਉਪਰੰਤ 12 ਤੋਂ 1 ਭਾਈ ਇਕਬਾਲ ਸਿੰਘ ਮਨਾਹਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਹਾਜ਼ਰੀ ਭਰ ਕਿ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕਰਨਗੇ ।ਅਤੇ ਉਪਰੰਤ ਗ੍ਰੰਥੀ ਸਿੰਘਾਂ ਦੇ ਸਤਿਕਾਰ ਨੂੰ ਮੁੱਖ ਰੱਖਦਿਆ ਹੋਇਆ ਯਾਦਗਾਰੀ ਚਿੰਨ੍ਹ ਦੇ ਕਿ ਸਨਮਾਨਿਤ ਕੀਤਾ ਜਾਵੇਗਾ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਸਮਾਗਮਾਂ ਚ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।

### ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ

# ਚੇਤ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ

## ਕੀਰਤਨ ਦਰਬਾਰ ਸਜਾਇਆ ਗਿਆ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ














ਮਿਤੀ 14 ਮਾਰਚ 2026 (ਆਵਾਜਿ ਕੌਮ ਬਿਉਰੋ ਰਿਪੋਰਟ) ਮੋਗਾ – ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਹਰ ਮਹੀਨੇ ਦੀ ਤਰ੍ਹਾਂ ਚੇਤ ਮਹੀਨੇ ਦੀ ਪਵਿੱਤਰ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਗੁਰੂ ਘਰ ਦੇ ਕੀਰਤਨੀ ਜੱਥੇ ਵੱਲੋਂ ਵੀ ਹਾਜ਼ਰੀ ਭਰੀ ਗਈ, ਇਸ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਅਤੇ ਸਮੇਤ ਸ੍ਰੀ ਜਪੁਜੀ ਸਾਹਿਬ ਦੀ ਸੇਵਾ ਇੰਗਲੈਂਡ ਨਿਵਾਸੀ ਸਰਦਾਰ ਰਘਵੀਰ ਸਿੰਘ, ਬੀਬੀ ਕੁਲਵਿੰਦਰ ਕੌਰ ਦੇ ਪਰਿਵਾਰ ਵੱਲੋਂ ਕੀਤੀ ਗਈ, ਅਤੇ ਲਾਈਵ ਵੀ ਸੰਪੋਸਰ ਕੀਤਾ ਗਿਆ।ਸਮੂਹ ਸੇਵਾਦਾਰਾਂ ਵੱਲੋਂ ਸੇਵਾਵਾਂ ਨਿਭਾਈਆਂ ਗਈਆਂ।



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਸ਼ਹੀਦ ਬਾਬਾ ਦਾਸਾ ਜੀ ਦੀ ਸਲਾਨਾ ਬਰਸੀ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਆਰੰਭ

**ਜਲੰਧਰ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਜਲੰਧਰ ਦੇ ਪ੍ਰਸਿੱਧ ਪਿੰਡ ਸਲੇਮਪੁਰ ਮਸੰਦਾਂ ਵਿੱਚ ਸ਼ਹੀਦ ਬਾਬਾ ਦਾਸਾ ਜੀ ਦੀ ਪਵਿੱਤਰ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਲਾਨਾ ਬਰਸੀ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਅੱਜ 14 ਮਾਰਚ 2026 ਦਿਨ ਸ਼ਿਨੱਚਰਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ।

ਧਾਰਮਿਕ ਜਾਣਕਾਰੀ ਅਨੁਸਾਰ ਇਨ੍ਹਾਂ ਪਾਵਨ ਪਾਠਾਂ ਦੇ ਭੋਗ ਦਿਨ ਸੋਮਵਾਰ ਸ਼ਰਧਾ ਭਾਵਨਾ ਨਾਲ ਪਾਏ ਜਾਣਗੇ। ਭੋਗ ਸਮੇਂ ਵਿਸ਼ੇਸ਼ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਜਾਵੇਗਾ ਅਤੇ ਕਥਾ-ਵਿਚਾਰ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨਾਂ ਦੀ ਬਾਣੀ ਨਾਲ ਜੋੜਿਆ ਜਾਵੇਗਾ।

ਇਸ ਮੌਕੇ ਪਿੰਡ ਸਲੇਮਪੁਰ ਮਸੰਦਾਂ ਨਾਲ ਸਬੰਧਿਤ ਸੰਗਤਾਂ ਅਤੇ ਨੇੜਲੇ ਇਲਾਕਿਆਂ ਦੀਆਂ ਸਮੂਹ ਸੰਗਤਾਂ ਨੂੰ ਨਿਮਰ ਬੇਨਤੀ ਕੀਤੀ ਗਈ ਹੈ ਕਿ ਉਹ ਵੱਧ ਚੜ੍ਹ ਕੇ ਇਸ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਨ, ਸ਼ਹੀਦ ਬਾਬਾ ਦਾਸਾ ਜੀ ਦੀ ਪਵਿੱਤਰ ਯਾਦ ਨੂੰ ਨਮਨ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦਾ ਲਾਹਾ ਲੈ ਕੇ ਆਪਣਾ ਜੀਵਨ ਕਾਮਯਾਬ ਬਣਾਉਣ। ਸਮਾਗਮ ਦੌਰਾਨ ਆਈ ਹੋਈ ਸੰਗਤ ਲਈ ਗੁਰੂ ਕਾ ਲੰਗਰ ਅਤੁੱਟ ਵਰਤੇਗਾ।